# ਹਾਈ ਸਟੈਂਡਰਡ ਨਿਊਜ਼

HIGH STANDARD NEWS

HIGHSTANDARDNEWS

Date 18.05.2024

www.hsnnews.in | PUNPUN/2024/86289 | President:-Shailzadwivedi | Email:info@hsnnews.in

Vol.11 | May-2024 | Published in Punjab | Pages 8


## 5ਵੇਂ ਪੜਾਅ ਦੀ ਵੋਟਿੰਗ ਲਈ ਅੱਜ ਰੁਕ ਜਾਵੇਗਾ ਚੋਣ ਪ੍ਰਚਾਰ



20 ਮਈ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇ 5ਵੇਂ ਪੜਾਅ ਦੀ ਵੋਟਿੰਗ ਲਈ 18 ਮਈ ਨੂੰ ਚੋਣ ਪ੍ਰਚਾਰ ਖਤਮ ਹੋ ਜਾਵੇਗਾ। ਇਸ ਪੜਾਅ ’ਚ 8 ਸੂਬਿਆਂ ਦੀਆਂ 49 ਲੋਕ ਸਭਾ ਸੀਟਾਂ ’ਤੇ ਵੋਟਾਂ ਪੈਣਗੀਆਂ। ਇਨ੍ਹਾਂ 58 ਲੋਕ ਸਭਾ ਸੀਟਾਂ ਵਿਚੋਂ 10 ਸੀਟਾਂ ਵੀ. ਵੀ. ਆਈ. ਪੀ. ਨੇਤਾਵਾਂ ਦੀਆਂ ਹਨ।

5ਵੇਂ ਪੜਾਅ ’ਚ ਰਾਹੁਲ ਗਾਂਧੀ ਦੀ ਰਾਏਬਰੇਲੀ, ਕੇਂਦਰੀ ਮੰਤਰੀ ਸਮ੍ਰਿਤੀ ਈਰਾਨੀ ਦੀ ਅਮੇਠੀ, ਕੇਂਦਰੀ ਮੰਤਰੀ ਰਾਜਨਾਥ ਸਿੰਘ ਦੀ ਲਖਨਊ, ਕੇਂਦਰੀ ਮੰਤਰੀ ਪੀਯੂਸ਼ ਗੋਇਲ ਦੀ ਮੁੰਬਈ ਨਾਰਥ, ਬ੍ਰਿਜ ਭੂਸ਼ਣ ਦੇ ਬੇਟੇ ਕਰਨ ਭੂਸ਼ਣ ਸਿੰਘ ਦੀ ਕੈਸਰਗੰਜ, ਬਿਹਾਰ ਦੇ ਸਾਬਕਾ ਮੁੱਖ ਮੰਤਰੀ ਲਾਲੂ ਪ੍ਰਸਾਦ ਯਾਦਵ ਦੀ ਬੇਟੀ ਰੋਹਿਣੀ ਆਚਾਰੀਆ ਦੀ ਸਾਰਣ, ਚਿਰਾਗ ਪਾਸਵਾਨ ਦੀ ਹਾਜੀਪੁਰ, ਅਰਵਿੰਦ ਸਾਵੰਤ ਦੀ ਮੁੰਬਈ ਨਾਰਥ, ਉੱਜਵਲ ਨਿਕਮ ਦੀ ਮੁੰਬਈ ਨਾਰਥ ਸੈਂਟਰਲ ਅਤੇ ਉਮਰ ਅਬਦੁੱਲਾ ਦੀ ਬਾਰਾਮੁੱਲਾ ਸੀਟ ’ਤੇ ਵੀ ਵੋਟਿੰਗ ਹੋਵੇਗੀ। 5ਵੇਂ ਪੜਾਅ ’ਚ ਉੱਤਰ ਪ੍ਰਦੇਸ਼ ਦੀਆਂ 14, ਮਹਾਰਾਸ਼ਟਰ ਦੀਆਂ 13, ਪੱਛਮੀ ਬੰਗਾਲ ਦੀਆਂ 7, ਓਡੀਸ਼ਾ ਤੇ ਬਿਹਾਰ ਦੀਆਂ 5-5, ਝਾਰਖੰਡ ਦੀਆਂ 3, ਜੰਮੂ-ਕਸ਼ਮੀਰ ਤੇ ਲੱਦਾਖ ਦੀ 1-1 ਸੀਟ ’ਤੇ ਵੋਟਿੰਗ ਹੋਵੇਗੀ।

## ਕੋਈ ਵੀ ਸਰਕਾਰ ਸੰਵਿਧਾਨ ਨਹੀਂ ਬਦਲ ਸਕਦੀ

ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਕੋਈ ਵੀ ਸਰਕਾਰ ਡਾਕਟਰ ਬੀ ਆਰ ਅੰਬੇਡਕਰ ਦੁਆਰਾ ਤਿਆਰ ਕੀਤੇ ਗਏ ਸੰਵਿਧਾਨ ਨੂੰ ਨਹੀਂ ਬਦਲ ਸਕਦੀ ਅਤੇ ਕਾਂਗਰਸ ਝੂਠ ਫੈਲਾ ਰਹੀ ਹੈ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਇਸ ਨੂੰ ਬਦਲਣ ਦੀ ਯੋਜਨਾ ਬਣਾ ਰਹੀ ਹੈ। ਉਹ ਨਾਸਿਕ ਲੋਕ ਸਭਾ ਸੀਟ ਤੋਂ ਸੱਤਾਧਾਰੀ ਗਠਜੋੜ ਦੇ ਉਮੀਦਵਾਰ ਸ਼ਿਵ ਸੈਨਾ ਦੇ ਹੇਮੰਤ ਗੋਡਸੇ ਦੇ ਸਮਰਥਨ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ।ਭਾਜਪਾ ਨੇਤਾ ਗਡਕਰੀ ਨੇ ਕਿਹਾ, “ਡਾ. ਬਾਬਾ ਸਾਹਿਬ ਅੰਬੇਡਕਰ ਦੁਆਰਾ ਬਣਾਏ ਸੰਵਿਧਾਨ ਨੂੰ ਕੋਈ ਵੀ ਸਰਕਾਰ ਨਹੀਂ ਬਦਲ ਸਕਦੀ। ਸਿਰਫ ਇਸ ਨੂੰ ਸੋਧਿਆ ਜਾ ਸਕਦਾ ਹੈ। ਕਾਂਗਰਸ 80 ਵਾਰ ਸੰਵਿਧਾਨ ਸੋਧਣ ਦਾ ਪਾਪ ਕਰ ਚੁੱਕੀ ਹੈ। ਇਸ ਦੇ ਬਾਵਜੂਦ ਉਹ ਝੂਠਾ ਪ੍ਰਚਾਰ ਕਰ ਰਹੇ ਹਨ ਕਿ ਅਸੀਂ ਸੰਵਿਧਾਨ ਬਦਲਾਂਗੇ। ਗਡਕਰੀ ਨੇ ਕਿਹਾ ਕਿ 'ਸਬ ਕਾ ਸਾਥ, ਸਬ ਕਾ ਵਿਕਾਸ' ਨਰਿੰਦਰ ਮੋਦੀ ਸਰਕਾਰ ਦਾ ਮੰਤਰ ਹੈ ਜਿਸ ਨੇ ਬਿਨਾਂ ਕਿਸੇ ਭਾਈਚਾਰੇ ਦੇ ਵਿਤਕਰੇ ਦੇ ਵੱਖ-ਵੱਖ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਹੈ।




## ਹੰਸ ਰਾਜ ਹੰਸ ਵਲੋਂ ਕਿਸਾਨਾਂ ਵਿਰੁਧ ਟਿਪਣੀਆਂ ਦਾ ਮਾਮਲਾ ਮੁੱਖ ਚੋਣ ਕਮਿਸ਼ਨਰ ਕੋਲ ਪਹੁੰਚਿਆ

ਫ਼ਰੀਦਕੋਟ ਹਲਕੇ ਤੋਂ ਭਾਜਪਾ ਉਮੀਦਵਾਰ ਹੰਸ ਰਾਜ ਹੰਸ ਵਲੋਂ ਕਿਸਾਨਾਂ ਬਾਰੇ ਕੀਤੀਆਂ ਤਿਖੀਆਂ ਟਿਪਣੀਆਂ ਦਾ ਮਾਮਲਾ ਚੋਣ ਕਮਿਸ਼ਨ ਕੋਲ ਪਹੁੰਚ ਗਿਆ ਹੈ। ਪੰਜਾਬ ਦੇ ਸਾਬਕਾ ਆਈਏਐਸ ਸਵਰਨ ਸਿੰਘ ਬੋਪਾਰਾਏ ਅਤੇ ਡਾ.ਮਨਜੀਤ ਸਿੰਘ ਰੰਧਾਵਾ ਦੀ ਅਗਵਾਈ ਵਾਲੀਆਂ ਕਿਰਤੀ ਕਿਸਾਨ ਯੂਨੀਅਨ, ਲੋਕ ਰਾਜ ਤੇ ਹੋਰ ਕਈ ਜਥੇਬੰਦੀਆਂ ਨੇ ਮੁੱਖ ਚੋਣ ਕਮਿਸ਼ਨਰ ਤੋਂ ਇਲਾਵਾ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਈ ਮੇਲ ਰਾਹੀਂ ਸ਼ਿਕਾਇਤ ਭੇਜ ਕੇ ਹੰਸ ਰਾਜ ਹੰਸ ਵਲੋਂ ਕਿਸਾਨਾਂ ਵਿਰੁਧ ਭੜਕਾਊ ਅਤੇ ਘ੍ਰਿਣਾ ਭਰੀਆਂ ਟਿਪਣੀਆਂ ਕਰਨ ਵਿਰੁਧ ਚੋਣ ਜ਼ਾਬਤਾ ਦੇ ਉਲੰਘਣ ਦੇ ਮਾਮਲੇ ’ਚ ਕਾਰਵਾਈ ਦੀ ਮੰਗ ਕੀਤੀ ਹੈ।



ਹੰਸ ਰਾਜ ਹੰਸ ਨੇ ਫ਼ਰੀਦਕੋਟ ’ਚ ਇਕ ਚੋਣ ਮੀਟਿੰਗ ਦੌਰਾਨ ਕਿਸਾਨਾਂ ਬਾਰੇ ਟਿਪਣੀਆਂ ਕਰਦੇ ਹੋਏ ਕਿਹਾ ਕਿ ਸ਼ਰਾਫ਼ਤ ਦਾ ਤਾਂ ਸਮਾਂ ਹੀ ਨਹੀਂ ਰਿਹਾ ਅਤੇ ਮੈਂ ਤਾਂ ਅਪਣਾ ਸਿਰ ਵੀ ਕਿਸਾਨਾਂ ਅੱਗੇ ਝੁਕਾ ਦਿਤਾ ਸੀ। ਉਨ੍ਹਾਂ ਵਿਰੋਧ ਕਰ ਰਹੇ ਕਿਸਾਨ ਆਗੂਆਂ ਨੂੰ ਵਿਦੇਸ਼ੀ ਫ਼ੰਡਿੰਗ ਆਉਣ ਦਾ ਦੋਸ਼ ਲਾਉਂਦਿਆਂ ਇਥੋਂ ਤਕ ਕਹਿ ਦਿਤਾ ਕਿ ਇਨ੍ਹਾਂ ਨੇ ਛਿੱਤਰ ਖਾਧੇ ਬਿਨਾ ਬੰਦੇ ਨਹੀਂ ਬਣਨਾ। ਉਨ੍ਹਾਂ ਕਿਹਾ ਕਿ 2 ਜੂਨ ਤੋਂ ਬਾਅਦ ਮੈਂ ਦੇਖ ਲਵਾਂਗਾ ਕਿ ਕਿਹੜਾ ਖੱਬੀ ਖ਼ਾਨ ਖੰਘਦਾ ਹੈ।

ਬੋਪਰਾਏ ਤੇ ਡਾ.ਰੰਧਾਵਾ ਵਲੋਂ ਚੋਣ ਕਮਿਸ਼ਨ ਨੂੰ ਭੇਜੀ ਸ਼ਿਕਾਇਤ ’ਚ ਕਿਹਾ ਕਿ ਹੰਸ ਰਾਜ ਹੰਸ ਵਲੋਂ ਕੀਤੀਆਂ ਟਿਪਣੀਆਂ ਬਹੁਤ ਹੀ ਭੜਕਾਊ ਤੇ ਹਿੰਸਾ ਲਈ ਉਕਸਾਉਣ ਵਾਲੀਆਂ ਹਨ। ਉਨ੍ਹਾਂ ਕਿਹਾ ਕਿ ਸ਼ਾਂਤਮਈ ਤਰੀਕੇ ਨਾਲ ਸਵਾਲ ਪੁੱਛਣਾ ਕਿਸਾਨਾਂ ਦਾ ਹੱਕ ਹੈ ਪਰ ਹੰਸ ਰਾਜ ਹੰਸ ਸਵਾਲਾਂ ਦੇ ਜਵਾਬ ਦੇਣ ਦੀ ਥਾਂ ਕਿਸਾਨਾਂ ਨੂੰ ਸਿੱਧੀਆਂ ਧਮਕੀਆਂ ਦੇਣ ਲੱਗ ਪਏ ਹਨ। ਇਸ ਨਾਲ ਮਾਹੌਲ ਖ਼ਰਾਬ ਹੋਣ ਕਰ ਕੇ ਚੋਣਾਂ ’ਚ ਵਿਘਨ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਹੰਸ ਰਾਜ ਹੰਸ ਦੀਆਂ ਟਿਪਣੀਆਂ ਬੀਮਾਰ ਮਾਨਸਿਕਤਾ ਦਾ ਹੀ ਪ੍ਰਗਟਾਵਾ ਹੈ ਤੇ ਸ਼ਾਂਤਮਈ ਚੋਣਾਂ ਲਈ ਇਸ ਵਿਰੁਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਸੰਯੁਕਤ ਕਿਸਾਨ ਮੋਰਚੇ ਦੇ ਆਗੂ ਹਰਿੰਦਰ ਸਿੰਘ ਲੱਖੋਵਾਲ ਨੇ ਵੀ ਹੰਸ ਰਾਜ ਹੰਸ ਦੀਆਂ ਟਿਪਣੀਆਂ ਵਿਰੁਧ ਸਖ਼ਤ ਪ੍ਰਤੀਕਰਮ ਦਿੰਦੇ ਹੋਵੇ ਕਿਹਾ ਕਿ ਅਜਿਹੇ ਡਰਾਵੇ ਕਿਸਾਨਾਂ ਨੂੰ ਰੋਕ ਨਹੀਂ ਸਕਦੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਤਾਂ ਦਿੱਲੀ ’ਚ ਪ੍ਰਧਾਨ ਮੰਤਰੀ ਮੋਦੀ ਵੀ ਨਹੀਂ ਸੀ ਰੋਕ ਸਕਿਆ ਅਤੇ ਕਿਸਾਨਾਂ ਅੱਗੇ ਝੁਕ ਕੇ ਖੇਤੀ ਕਾਨੂੰਨ ਵਾਪਸ ਲਏ ਸਨ ਤਾਂ ਹੰਸ ਰਾਜ ਹੰਸ ਕੀ ਚੀਜ਼ ਹੈ। ਉਨ੍ਹਾਂ ਕਿਹਾ ਕਿ ਹੰਸ ਕੋਲ ਇਕ ਕਰੋੜ ਦੀ ਕਾਰ ਹੈ ਤੇ 12 ਕਰੋੜ ਰੁਪਏ ਦੀ ਕੋਠੀ ਹੈ ਅਪਣੇ ਆਪ ਨੂੰ ਗ਼ਰੀਬ ਦਸਕੇ ਕਿਸਾਨਾਂ ਉਪਰ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ ਲਾਏ ਹਨ। ਇਹ ਕਿਥੋਂ ਦਾ ਗ਼ਰੀਬ ਹੈ ਉਨ੍ਹਾਂ ਕਿਹਾ ਕਿ ਸਵਾਲ ਪੁੱਛਣ ਲਈ ਕਿਸਾਨਾਂ ਦਾ ਸ਼ਾਂਤਮਈ ਵਿਰੋਧ ਜਾਰੀ ਰਹੇਗਾ।

# ਭਿਆਨਕ ਗਰਮੀ ਦੇ ਚੱਲਦਿਆਂ ਸਕੂਲਾਂ ਲਈ ਸਿੱਖਿਆ ਵਿਭਾਗ ਦਾ ਸਖ਼ਤ ਫ਼ੈਸਲਾ



ਚੰਡੀਗੜ੍ਹ ਸਿੱਖਿਆ ਵਿਭਾਗ ਨੇ ਵੱਧ ਰਹੀ ਗਰਮੀ ਕਾਰਨ ਨਿੱਜੀ, ਏਡਿਡ ਅਤੇ ਸਰਕਾਰੀ ਸਕੂਲਾਂ ਲਈ ਐਡਵਾਇਜ਼ਰੀ ਜਾਰੀ ਕੀਤੀ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਬਿੰਦੂ ਅਰਾਦੋ ਨੇ ਹੁਕਮ ਜਾਰੀ ਕਰਦਿਆਂ ਕਿਹਾ ਹੈ ਕਿ ਗਰਮੀ ਕਾਰਨ ਸਕੂਲਾਂ 'ਚ ਸਵੇਰ ਦੀ ਅਸੈਂਬਲੀ ਵਿਚ ਮੌਸਮ ਅਨੁਸਾਰ ਸਿਹਤ ਸਬੰਧੀ ਜਾਣਕਾਰੀ ਦਿੱਤੀ ਜਾਵੇ। ਬੱਚਿਆਂ ਨੂੰ ਗਰਮੀ ਕਾਰਨ ਹੋਣ ਵਾਲੀਆਂ ਬਿਮਾਰੀਆਂ ਤੇ ਹੀਟ ਵੇਵ ਤੋਂ ਬਚਾਉਣ ਦੇ ਤਰੀਕੇ ਬਾਰੇ ਜਾਗਰੂਕ ਕੀਤਾ ਜਾਵੇ।ਕਲਾਸ ਰੂਮ 'ਚ ਸਵੇਰ ਦੀ ਅਸੈਂਬਲੀ ਕਰਨ ਦੀ ਸਲਾਹ ਦਿੱਤੀ ਗਈ ਹੈ। ਸਕੂਲ ਸਮੇਂ ਦੌਰਾਨ ਸਰੀਰਕ ਗਤੀਵਿਧੀਆਂ ਤੋਂ ਬਚਣਾ ਯਕੀਨੀ ਬਣਾਇਆ ਜਾਵੇ। ਸਕੂਲ ਇਹ ਯਕੀਨੀ ਬਣਾਏਗਾ ਕਿ ਸਾਰੇ ਕਮਰਿਆਂ ਅਤੇ ਗਲਿਆਰਿਆਂ 'ਚ ਪੱਖੇ ਕੰਮ ਕਰਦੇ ਹਨ ਜਾਂ ਨਹੀਂ। ਜੇਕਰ ਕੋਈ ਪੱਖਾ ਠੀਕ ਤਰ੍ਹਾਂ ਕੰਮ ਨਹੀਂ ਕਰਦਾ ਹੈ ਤਾਂ ਉਸ ਨੂੰ ਠੀਕ ਕਰਵਾਇਆ ਜਾਵੇ। ਬੱਚਿਆਂ ਦੀ ਸਿਹਤ ਨੂੰ ਧਿਆਨ 'ਚ ਰੱਖਦਿਆਂ ਗਲੂਕੋਜ਼ ਸਮੇਤ ਫਸਟ ਏਡ ਕਿੱਟਾਂ ਨੂੰ ਢੁਕਵੀਂ ਥਾਂ 'ਤੇ ਰੱਖਿਆ ਜਾਵੇ ਤਾਂ ਜੋ ਜ਼ਿਆਦਾ ਗਰਮੀ ਕਾਰਨ ਦਵਾਈਆਂ ਖ਼ਰਾਬ ਨਾ ਹੋਣ। ਕਿਸੇ ਵੀ ਕਿਸਮ ਦੀ ਮੈਡੀਕਲ ਐਮਰਜੈਂਸੀ ਨਾਲ ਨਜਿੱਠਣ ਲਈ ਕਮਰਿਆਂ ਦਾ ਪ੍ਰਬੰਧ ਕੀਤਾ ਜਾਵੇ। ਵਾਟਰ ਸਟੇਸ਼ਨਾਂ ਨਾਲ ਪਾਣੀ ਦੀ ਸਹੂਲਤ ਦੀ ਉਪਲਬੱਧਤਾ ਯਕੀਨੀ ਹੋਵੇ। ਬੱਚੇ ਜੇਕਰ ਪਾਣੀ ਦੀ ਬੋਤਲ ਲੈ ਕੇ ਆਉਂਦੇ ਹਨ ਤਾਂ ਉਨ੍ਹਾਂ ਨੂੰ ਜਮਾਤ ਸ਼ੁਰੂ ਹੋਣ ਤੋਂ ਪਹਿਲਾਂ ਜਾਂ ਬਾਅਦ 'ਚ ਬੋਤਲ ਭਰਨ ਦਾ ਸਮਾਂ ਦਿੱਤਾ ਜਾਵੇ।

ਮਾਪਿਆਂ ਨੇ ਛੋਟੇ ਬੱਚਿਆਂ ਨੂੰ ਗਰਮੀ ਤੋਂ ਰਾਹਤ ਦੇਣ ਦੀ ਮੰਗ ਸਿੱਖਿਆ ਵਿਭਾਗ ਨੂੰ ਕੀਤੀ ਹੈ। ਸੁਰਿੰਦਰ ਪਾਲ ਧੀਮਾਨ ਨੇ ਵਿਭਾਗ ਤੋਂ ਸਕੂਲਾਂ ਦਾ ਸਮਾਂ ਬਦਲਣ ਲਈ ਕਿਹਾ ਹੈ। ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਸਕੂਲ ਤੋਂ ਘਰ ਪਹੁੰਚਣ 'ਚ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੇਕਰ ਸਕੂਲ ਸਮੇਂ 'ਚ ਕੋਈ ਤਬਦੀਲੀ ਕੀਤੀ ਜਾਂਦੀ ਹੈ ਤਾਂ ਰਾਹਤ ਮਿਲ ਸਕਦੀ ਹੈ।

# ਸੂਬੇ 'ਚ ਰਿਵਰਸ ਮਾਈਗ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ, ਲੋਕ ਮੁੜ ਪੰਜਾਬ ਦੀ ਖੁਸ਼ਹਾਲੀ ਨਾਲ ਜੁੜ ਰਹੇ ਹਨ




ਸੂਬੇ 'ਚ ਪਿਛਲੇ ਦੋ ਸਾਲਾਂ ਤੋਂ 'ਆਪ' ਦਾ ਰਿਪੋਰਟ ਕਾਰਡ ਹਰ ਪੰਜਾਬੀ ਦੇ ਸਾਹਮਣੇ ਹੈ, ਜਿਸ ਸਮੇਂ ਲੋਕਾਂ ਨੇ 'ਆਪ' ਨੂੰ ਸੂਬੇ ਦੀ ਸੱਤਾ ਸੌਂਪੀ ਹੈ, ਪਾਰਟੀ ਦਾ ਹਰ ਵਰਕਰ, ਆਗੂ, ਵਿਧਾਇਕ, ਮੰਤਰੀ ਤੇ ਉਹ ਖੁਦ ਲੋਕਾਂ ਦੀ ਭਲਾਈ ਸਕੀਮਾਂ ਲਈ ਕੰਮ ਕਰ ਰਹੇ ਹਨ। ਸੱਤਾ ਸੰਭਾਲਣ ਤੋਂ ਬਾਅਦ 90 ਫੀਸਦੀ ਲਾਭਪਾਤਰੀਆਂ ਨੂੰ ਬਿਜਲੀ ਬਿੱਲ 'ਚ ਰਾਹਤ ਮਿਲੀ, ਕਰੀਬ 850 ਮੁਹੱਲਾ ਕਲੀਨਿਕ ਬਣੇ, 45 ਹਜ਼ਾਰ ਨੌਕਰੀਆਂ ਵੰਡੀਆਂ, ਰੋਜ਼ਗਾਰ ਦੇ ਸਾਧਨ, ਪ੍ਰਸ਼ਾਸਨਿਕ ਸਹੂਲਤਾਂ ਤੁਹਾਡੇ ਘਰਾਂ ਤੱਕ ਪਹੁੰਚਾਈਆਂ।ਇਹ ਤੁਹਾਡੀ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਹਨ ਅਤੇ ਪਾਰਟੀ ਦਾ ਆਉਣ ਵਾਲਾ ਟੀਚਾ ਸਿੱਖਿਆ, ਸਿਹਤ ਸਹੂਲਤਾਂ ਤੇ ਨਵੇਂ ਖੇਤਰਾਂ 'ਚ ਹੋਰ ਕੰਮ ਕਰਨਾ ਹੈ ਅਤੇ ਲੋੜਵੰਦ ਲੋਕਾਂ ਨੂੰ ਨਵੀਆਂ ਸਕੀਮਾਂ ਰਾਹੀ ਸਹੂਲਤਾਂ ਦੇਣਾ ਹੈ। ਇਹ ਵਿਚਾਰ ਅੱਜ ਸ਼ਾਮ ਕਰੀਬ 7 ਵਜੇ ਕਰਤਾਰਪੁਰ ਵਿਖੇ ਲੋਕ ਸਭਾ ਹਲਕਾ ਜਲੰਧਰ ਤੋਂ ਉਮੀਦਵਾਰ ਪਵਨ ਕੁਮਾਰ ਟੀਨੂੰ ਦੇ ਹੱਕ 'ਚ ਕੱਢੇ ਗਏ ਰੋਡ ਸ਼ੋਅ ਦੌਰਾਨ ਫਰਨੀਚਰ ਬਾਜ਼ਾਰ ਵਿਚਕਾਰ ਵੱਡੀ ਗਿਣਤੀ 'ਚ ਇੱਕਤਰ ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਗਟ ਕੀਤੇ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਉਮੀਦਵਾਰ ਪਵਨ ਕੁਮਾਰ ਟੀਨੂੰ, ਕੈਬਨਿਟ ਮੰਤਰੀ ਬਲਕਾਰ ਸਿੰਘ, ਅਮਨ ਅਰੋੜਾ ਵਿਧਾਇਕ ਤੇ ਚੰਦਨ ਗਰੇਵਾਲ ਵੀ ਮੌਜੂਦ ਸਨ।

ਸਭ ਤੋਂ ਪਹਿਲਾਂ ਉਨ੍ਹਾਂ ਨੇ ਸ਼ਹੀਦ ਭਗਤ ਸਿੰਘ ਚੌਕ 'ਚ ਸਥਿਤ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਤੇ ਪ੍ਰੋਗਰਾਮ ਦੇ ਅੰਤ 'ਚ ਜੀ. ਟੀ. ਰੋਡ 'ਤੇ ਸਥਿਤ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਕਿਹਾ ਕਿ ਮੇਰੀ ਇੱਛਾ ਹੈ ਕਿ ਪੰਜਾਬ ਦਾ ਨੌਜਵਾਨ ਨੌਕਰੀ ਮੰਗਣ ਨਹੀਂ ਨੌਕਰੀ ਦੇਣ ਦੇ ਕਾਬਿਲ ਬਣੇ। ਉਨ੍ਹਾਂ ਕਿਹਾ ਕਿ ਪਿਛਲੇ 2 ਸਾਲਾਂ 'ਚ ਜਿਸ ਤਰ੍ਹਾਂ ਦਾ ਬਦਲਾਅ ਆਇਆ ਹੈ, ਉਸ ਨਾਲ ਵਿਦੇਸ਼ਾਂ 'ਚ ਬੈਠੇ ਪੰਜਾਬੀ ਵਾਪਸ ਪੰਜਾਬ ਪਰਤ ਰਹੇ ਹਨ ਤੇ ਸੂਬੇ 'ਚ ਰਿਵਰਸ ਮਾਈਗ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ। ਪੰਜਾਬ 'ਚ ਰਾਜਨੈਤਿਕ ਦਲ 70 ਸਾਲਾਂ ਤੋਂ ਸਿਆਸਤ ਦਾ ਦੋਸਤਾਨਾ ਮੈਚ ਹੀ ਖੇਡਦੇ ਹੁੰਦੇ ਸੀ। ਸਿਰਫ਼ ਕੁਰਸੀ ਲਈ ਲੜਾਈ ਹੁੰਦੀ ਸੀ ਤੇ ਆਮ ਲੋਕਾਂ ਦਾ ਸ਼ੋਸ਼ਣ ਹੁੰਦਾ ਸੀ।

# ਸ਼ੱਕੀ ਹਾਲਾਤ 'ਚ ਨੌਜਵਾਨ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

ਜ਼ਿਲ੍ਹੇ ਦੇ ਥਾਣਾ ਕੱਚਾ ਪੱਕਾ ਅਧੀਨ ਆਉਂਦੇ ਪਿੰਡ ਅਹਿਮਦਪੁਰ ਵਿਖੇ ਬੀਤੀ ਸ਼ਾਮ ਇਕ ਨੌਜਵਾਨ ਦਾ ਭੇਤਭਰੇ ਹਾਲਾਤ 'ਚ ਕਤਲ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਸਮੇਤ ਥਾਣਾ ਕੱਚਾ ਪੱਕਾ ਦੇ ਮੁਖੀ ਗੁਰਜੀਤ ਸਿੰਘ ਨਾਲ ਮੌਕੇ 'ਤੇ ਪਹੁੰਚੇ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਲਖਵਿੰਦਰ ਸਿੰਘ (26) ਉਰਫ ਕਾਕਾ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਅਹਿਮਦਪੁਰ ਜੋ ਰਾਜਗਿਰੀ ਦਾ ਕੰਮ ਕਰਦਾ ਸੀ ਅਤੇ ਬੀਤੀ ਸ਼ਾਮ ਕਰੀਬ 4 ਵਜੇ ਜਦੋਂ ਕੰਮ ਤੋਂ ਵਾਪਸ ਪੈਦਲ ਪਰਤ ਰਿਹਾ ਸੀ ਤਾਂ ਉਸ ਦੇ ਘਰ ਤੋਂ ਕਰੀਬ 500 ਗਜ ਦੂਰ ਸੜਕ ਕਿਨਾਰੇ ਉਸ ਦੀ ਲਾਸ਼ ਬਰਾਮਦ ਹੋਈ। ਲਖਵਿੰਦਰ ਸਿੰਘ ਦੇ ਸਰੀਰ ਉਪਰ ਤੇਜ਼ਧਾਰ ਹਥਿਆਰਾਂ ਨਾਲ ਵਾਰ ਕੀਤੇ ਹੋਏ ਸਨ, ਜਿਸ ਨੂੰ ਤੁਰੰਤ ਰਾਹਗੀਰਾਂ ਵੱਲੋਂ ਭਿੱਖੀਵਿੰਡ ਦੇ ਇਕ ਨਿੱਜੀ ਹਸਪਤਾਲ ਵਿਖੇ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਮ੍ਰਿਤਕ ਦੇ ਭਰਾ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਕੁੱਲ ਚਾਰ ਭਰਾ ਹਨ, ਜੋ ਮਿਹਨਤ ਮਜ਼ਦੂਰੀ ਕਰਕੇ ਆਪਣੇ ਘਰ ਦਾ ਗੁਜ਼ਾਰਾ ਕਰਦੇ ਹਨ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦੇ ਭਰਾ ਲਖਵਿੰਦਰ ਸਿੰਘ ਦੇ ਕਤਲ ਪਿੱਛੇ ਕੀ ਕਾਰਨ ਹੈ, ਉਸ ਨੂੰ ਕੋਈ ਵੀ ਜਾਣਕਾਰੀ ਨਹੀਂ ਹੈ। ਗੁਰਪ੍ਰੀਤ ਸਿੰਘ ਨੇ ਪੁਲਸ ਪ੍ਰਸ਼ਾਸਨ ਪਾਸੋਂ ਇਨਸਾਫ ਦੀ ਗੁਹਾਰ ਲਗਾਈ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਲਖਵਿੰਦਰ ਸਿੰਘ ਦੀ ਲਾਸ਼ ਪਿੰਡ ਅਹਿਮਦਪੁਰ ਤੋਂ ਬਾਠ ਪਿੰਡ ਵਾਲੇ ਰਸਤੇ ਸੜਕ ਕਿਨਾਰੇ ਤੋਂ ਬਰਾਮਦ ਕੀਤੀ ਗਈ ਹੈ। ਜਿਸ ਦੇ ਲੱਕ ਅਤੇ ਪੱਟ 'ਚ ਤੇਜ਼ਧਾਰ ਹਥਿਆਰਾਂ ਨਾਲ ਡੂੰਘੇ ਜ਼ਖਮ ਵਿਖਾਈ ਦੇ ਰਹੇ ਹਨ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ 'ਚ ਲੈਂਦੇ ਹੋਏ ਪਰਿਵਾਰਕ ਮੈਂਬਰ ਦੇ ਬਿਆਨਾਂ ਹੇਠ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



# ਬਰੈਂਪਟਨ ’ਚ ਵਿਕਟੋਰੀਆ ਡੇਅ ਮੌਕੇ ਪਟਾਕੇ ਚਲਾਉਣ ਤੇ ਵੇਚਣ ’ਤੇ ਪਾਬੰਦੀ



ਕੈਨੇਡਾ ਵਿਚ ਵਿਕਟੋਰੀਆ ਡੇਅ ਮੌਕੇ ਹੋਣ ਵਾਲੀ ਆਤਿਸ਼ਬਾਜ਼ੀ ਦੇ ਮੱਦੇਨਜ਼ਰ ਵੱਖ-ਵੱਖ ਸ਼ਹਿਰਾਂ ਵੱਲੋਂ ਹਦਾਇਤਾਂ ਜਾਰੀ ਕੀਤੀਆਂ ਜਾ ਰਹੀਆਂ ਹਨ ਜਦਕਿ ਪੁਲਸ ਸੁਰੱਖਿਆ ਬੰਦੋਬਸਤ ਪੁਖਤਾ ਬਣਾਉਣ ਵਿਚ ਜੁਟੀ ਹੋਈ ਹੈ। ਬਰੈਂਪਟਨ ਦੇ ਵਸਨੀਕਾਂ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਸ਼ਹਿਰ ਵਿਚ ਨਿਜੀ ਆਤਿਸ਼ਬਾਜ਼ੀ ’ਤੇ ਮੁਕੰਮਲ ਪਾਬੰਦੀ ਲਾਗੂ ਹੈ ਅਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਨੂੰ ਇਕ ਹਜ਼ਾਰ ਡਾਲਰ ਤੱਕ ਜੁਰਮਾਨਾ ਕੀਤਾ ਜਾ ਸਕਦਾ ਹੈ।ਸਿਟੀ ਵੱਲੋਂ ਜਾਰੀ ਬਿਆਨ ਮੁਤਾਬਕ ਸ਼ਹਿਰ ਵਾਸੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਖਾਤਰ ਫਾਇਰਵਰਕਸ ਬਾਇਲਾਅ ਅਧੀਨ ਆਤਿਸ਼ਬਾਜ਼ੀ ਜਾਂ ਪਟਾਕਿਆਂ ਦੀ ਵਰਤੋਂ, ਖਰੀਦ, ਆਪਣੇ ਕੋਲ ਰੱਖਣ ਜਾਂ ਵਿਕਰੀ ’ਤੇ ਮੁਕੰਮਲ ਪਾਬੰਦੀ ਹੋਵੇਗੀ। ਇੱਥੇ ਦੱਸਣਾ ਬਣਦਾ ਹੈ ਕਿ ਸਿਟੀ ਕੌਂਸਲ ਵੱਲੋਂ ਪਟਾਕੇ ਚਲਾਉਣ ’ਤੇ ਪਾਬੰਦੀ ਵਾਲਾ ਮਤਾ ਨਵੰਬਰ 2022 ਵਿਚ ਪਾਸ ਕੀਤਾ ਗਿਆ ਸੀ ਜਿਸ ਤਹਿਤ ਸਿਰਫ ਸ਼ਹਿਰ ਦੇ ਬਾਸ਼ਿੰਦਿਆਂ 'ਤੇ ਹੀ ਪਾਬੰਦੀ ਲਾਗੂ ਨਹੀਂ ਹੁੰਦੀ ਸਗੋਂ ਬਾਹਰੋਂ ਆਉਣ ਵਾਲੇ ਵੀ ਪਾਬੰਦੀ ਦੇ ਘੇਰੇ ਵਿਚ ਹੋਣਗੇ। ਵਿਕਟੋਰੀਆ ਡੇਅ ਮੌਕੇ ਸਿਟੀ ਵੱਲੋਂ ਜਨਤਕ ਆਤਿਸ਼ਬਾਜ਼ੀ ਵੀ ਨਹੀਂ ਕੀਤੀ ਜਾ ਰਹੀ ਜੋ ਸਿਰਫ ਕੈਨੇਡਾ ਡੇਅ, ਨਵੇਂ ਸਾਲ ਅਤੇ ਦੀਵਾਲੀ ਮੌਕੇ ’ਤੇ ਹੀ ਕੀਤੀ ਜਾਂਦੀ ਹੈ।ਦੂਜੇ ਪਾਸੇ ਟੋਰਾਂਟੋ ਵਿਖੇ ਸੋਮਵਾਰ ਰਾਤ 10 ਵਜੇ ਆਤਿਸ਼ਬਾਜ਼ੀ ਕਰਨ ਦਾ ਪ੍ਰੋਗਰਾਮ ਰੱਖਿਆ ਗਿਆ ਹੈ ਅਤੇ ਸਿਟੀ ਵੱਲੋਂ ਸੁਝਾਅ ਦਿਤਾ ਜਾ ਰਿਹਾ ਹੈ ਕਿ ਉਸ ਦਿਨ ਪਬਲਿਕ ਟ੍ਰਾਂਜ਼ਿਟ ਵਿਚ ਭੀੜ ਬਹੁਤ ਜ਼ਿਆਦਾ ਹੋਵੇਗੀ ਜਿਸ ਦੇ ਮੱਦੇਨਜ਼ਰ ਆਪਣਾ ਪ੍ਰੋਗਰਾਮ ਤੈਅ ਕੀਤਾ ਜਾਵੇ। ਟੋਰਾਂਟੋ ਵਿਖੇ ਬਗੈਰ ਪਰਮਿਟ ਤੋਂ ਪ੍ਰਾਈਵੇਟ ਪ੍ਰੌਪਰਟੀਜ਼ ਵਿਚ ਪਟਾਕੇ ਚਲਾਉਣ ਦੀ ਇਜਾਜ਼ਤ ਦਿਤੀ ਗਈ ਹੈ ਪਰ ਸਿਟੀ ਪਾਰਕ, ਬੀਚ ਜਾਂ ਗਲੀਆਂ ਵਿਚ ਪਟਾਕੇ ਚਲਾਉਣ ਦੀ ਮਨਾਹੀ ਕੀਤੀ ਗਈ ਹੈ।

# ਕੈਨੇਡਾ 'ਚ 25 ਸਾਲ ਬਾਅਦ ਖਸਰੇ ਕਾਰਨ ਬੱਚੇ ਦੀ ਮੌਤ



ਕੈਨੇਡਾ ਵਿਚ ਖਸਰੇ ਕਾਰਨ ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਦੀ ਮੌਤ ਹੋਣ ਦੀ ਰਿਪੋਰਟ ਹੈ। ਦੇਸ਼ ਵਿਚ ਪਿਛਲੇ 25 ਸਾਲ ਦੌਰਾਨ ਖਸਰੇ ਕਾਰਨ ਕੋਈ ਮੌਤ ਨਹੀਂ ਹੋਈ ਅਤੇ ਇਸ ਪਹਿਲੇ ਮਾਮਲੇ ਤੋਂ ਸਿਹਤ ਮਾਹਰ ਚਿੰਤਤ ਹਨ। ਬੱਚਾ ਓਂਟਾਰੀਓ ਨਾਲ ਸਬੰਧਤ ਸੀ ਅਤੇ ਸਿਹਤ ਅਧਿਕਾਰੀਆਂ ਮੁਤਾਬਕ ਬੱਚੇ ਨੂੰ ਬਿਮਾਰੀ ਤੋਂ ਬਚਾਅ ਕਰਨ ਵਾਲਾ ਟੀਕਾ ਨਹੀਂ ਸੀ ਲੱਗਾ ਹੋਇਆ। ਟੋਰਾਂਟੋ ਦੇ ਜਨਰਲ ਹਸਪਤਾਲ ਵਿਚ ਇਨਫੈਕਸ਼ਨ ਵਾਲੀਆਂ ਬਿਮਾਰੀਆਂ ਦੇ ਮਾਹਰ ਡਾ. ਇਸਾਕ ਬੋਗੋਚ ਨੇ ਕਿਹਾ ਕਿ ਤਾਜ਼ਾ ਮਾਮਲਾ ਦਰਸਾਉਂਦਾ ਹੈ ਕਿ ਵੈਕਸੀਨੇਸ਼ਨ ਵਿਚ ਬਿਲਕੁਲ ਅਣਗਹਿਲੀ ਨਹੀਂ ਹੋਣੀ ਚਾਹੀਦੀ।9 ਮਈ ਨੂੰ ਲੁਟੇਰਿਆਂ ਨੇ ਮਿਸੀਸਾਗਾ ਦੇ ਇੱਕ ਮਾਲ ਵਿੱਚ ਕਈ ਡਿਸਪਲੇਅ ਤੋੜ ਦਿੱਤੇ ਅਤੇ ਵੱਡੀ ਮਾਤਰਾ ਵਿੱਚ ਗਹਿਣੇ ਚੋਰੀ ਕਰ ਲਏ। ਲੁਟੇਰੇ ਚੋਰੀ ਦੀ ਕਾਰ ਵਿੱਚ ਆਏ ਅਤੇ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਏ। ਲੁਟੇਰੇ ਜਿਸ ਗੱਡੀ ਵਿਚ ਸਵਾਰ ਹੋ ਕੇ ਫਰਾਰ ਹੋ ਗਏ, ਉਸ ਬਾਰੇ ਪਹਿਲਾਂ ਹੀ ਟੋਰਾਂਟੋ ਵਿਚ ਚੋਰੀ ਹੋਣ ਦੀ ਸੂਚਨਾ ਮਿਲ ਚੁੱਕੀ ਸੀ।ਅਗਲੇ ਦਿਨ 10 ਮਈ ਨੂੰ ਪੁਲਸ ਇੱਕ ਹੋਰ ਮਿਸੀਸਾਗਾ ਮਾਲ ਵਿੱਚ ਗਸ਼ਤ ਕਰ ਰਹੀ ਸੀ, ਜਦੋਂ ਪੰਜ ਸ਼ੱਕੀ ਵਿਅਕਤੀਆਂ ਨੇ ਇੱਕ ਹੋਰ ਗਹਿਣਿਆਂ ਦੀ ਦੁਕਾਨ ਨੂੰ ਨਿਸ਼ਾਨਾ ਬਣਾਇਆ। ਲੁਟੇਰੇ ਹਥੌੜਿਆਂ ਨਾਲ ਲੈਸ ਸਨ ਅਤੇ ਪਿਛਲੇ ਦਿਨ ਦੀ ਲੁੱਟ ਨੂੰ ਦੁਹਰਾਉਂਦੇ ਹੋਏ ਡਿਸਪਲੇ ਦੇ ਤਾਲੇ ਤੋੜ ਕੇ ਕੀਮਤੀ ਗਹਿਣੇ ਲੈ ਕੇ ਫਰਾਰ ਹੋ ਗਏ। ਇਸ ਮਗਰੋਂ ਪੁਲਸ ਨੇ ਮੁਲਜ਼ਮਾਂ ਦਾ ਪਿੱਛਾ ਕਰਕੇ ਭਾਰਤੀ ਮੂਲ ਦੇ 20 ਸਾਲਾ ਮੁਲਜ਼ਮ ਤੇਜਪਾਲ ਤੂਰ ਸਮੇਤ ਤਿੰਨ ਲੁਟੇਰਿਆਂ ਨੂੰ ਕਾਬੂ ਕਰ ਲਿਆ।

ਅਜਿਹੀਆਂ ਬਿਮਾਰੀਆਂ ਨਾ ਸਿਰਫ ਦੁਨੀਆ ਦੇ ਹੋਰਨਾਂ ਮੁਲਕਾਂ ਵਿਚ ਮਾਰੂ ਅਸਰ ਪਾਉਂਦੀਆਂ ਹਨ ਬਲਕਿ ਕੈਨੇਡਾ ਵੀ ਬਚ ਨਹੀਂ ਸਕਦਾ। ਦੂਜੇ ਪਾਸੇ ਯੂਨੀਵਰਸਿਟੀ ਆਫ ਟੋਰਾਂਟੋ ਵਿਚ ਸੈਂਟਰ ਫੌਰ ਵੈਕਸੀਨ ਪ੍ਰਿਵੈਂਟੇਬਲ ਡਿਜ਼ੀਜ਼ ਦੀ ਡਾਇਰੈਕਟਰ ਸ਼ੈਲੀ ਬੋਲੋਟਿਨ ਦਾ ਕਹਿਣਾ ਸੀ ਕਿ ਉਨ੍ਹਾਂ ਨੂੰ ਯਾਦ ਨਹੀਂ ਕਿ ਕੈਨੇਡਾ ਵਿਚ ਖਸਰੇ ਕਾਰਨ ਆਖਰੀ ਮੌਤ ਕਦੋਂ ਹੋਈ। ਉਨ੍ਹਾਂ ਦਾਅਵਾ ਕੀਤਾ ਕਿ 1998 ਵਿਚ ਖਸਰੇ ਦੀ ਬਿਮਾਰੀ ਮੁਲਕ ਵਿਚੋਂ ਖਤਮ ਹੋ ਗਈ ਅਤੇ ਮੌਜੂਦਾ ਸਮੇਂ ਵਿਚ ਸਾਹਮਦੇ ਆਉਣ ਵਾਲੇ ਮਰੀਜ਼ਾਂ ਵਿਦੇਸ਼ਾਂ ਤੋਂ ਇਨਫੈਕਸ਼ਨ ਲੈ ਕੇ ਆਉਂਦੇ ਹਨ। ਉਨ੍ਹਾਂ ਕਿਹਾ ਕਿ ਸੰਭਾਵਤ ਤੌਰ ’ਤੇ ਕੈਨੇਡਾ ਵਿਚ ਖਸਰੇ ਕਾਰਨ ਆਖਰੀ ਮੌਤ 25 ਸਾਲ ਪਹਿਲਾਂ ਹੋਈ ਸੀ। ਹੌਸਪਿਟਲ ਫੌਰ ਸਿਕ ਚਿਲਡ੍ਰਨ ਵਿਚ ਬੱਚਿਆਂ ਦੇ ਰੋਗਾਂ ਦੇ ਮਾਹਰ ਡਾ. ਸ਼ੌਨ ਮੌਰਿਸ ਨੇ ਦੱਸਿਆ ਕਿ ਪੰਜ ਸਾਲ ਤੋਂ ਘੱਟ ਉਮਰ ਵਾਲੇ ਬੱਚਿਆਂ ਨੂੰ ਇਨਫੈਕਸ਼ਨ ਹੋਣ ਅਤੇ ਦਿਲ ਕੰਬਾਊ ਨਤੀਜੇ ਸਾਹਮਣੇ ਆਉਣ ਦਾ ਸਭ ਤੋਂ ਵੱਧ ਖਤਰਾ ਹੁੰਦਾ ਹੈ। ਖਸਰੇ ਤੋਂ ਪੀੜਤ ਬੱਚੇ ਕਈ ਹੋਰ ਬਿਮਾਰੀਆਂ ਜਿਵੇਂ ਨਿਮੋਨੀਆ ਜਾਂ ਡਾਇਰੀਆ ਦਾ ਸ਼ਿਕਾਰ ਬਣ ਜਾਂਦੇ ਹਨ। ਆਮ ਤੌਰ ’ਤੇ ਸਿਰਫ 20 ਫ਼ੀਸਦੀ ਮਰੀਜ਼ਾਂ ਨੂੰ ਹਸਪਤਾਲ ਦਾਖਲ ਕਰਵਾਉਣ ਦੀ ਜ਼ਰੂਰਤ ਪੈਂਦੀ ਹੈ। ਦੱਸ ਦੇਈਏ ਕਿ ਕੈਨੇਡਾ ਵਿਚ ਖਸਰੇ ਤੋਂ ਬਚਾਅ ਲਈ ਵੈਕਸੀਨੇਸ਼ਨ ਪ੍ਰੋਗਰਾਮ ਲਗਾਤਾਰ ਚਲਾਏ ਜਾਂਦੇ ਹਨ ਪਰ ਕੌਮਾਂਤਰੀ ਪੱਧਰ ’ਤੇ ਮਰੀਜ਼ਾਂ ਦੀ ਗਿਣਤੀ ਵਧਣ ਅਤੇ ਕੈਨੇਡਾ ਵਿਚ ਵੈਕਸੀਨੇਸ਼ਨ ਦੀ ਰਫ਼ਤਾਰ ਵਿਚ ਕਮੀ ਆਉਣ ਕਰ ਕੇ ਮੌਜੂਦਾ ਵਰ੍ਹੇ ਦੌਰਾਨ ਹੁਣ ਤੱਕ 76 ਮਰੀਜ਼ ਸਾਹਮਣੇ ਆ ਚੁੱਕੇ ਹਨ।

# ਟੋਰਾਂਟੋ ਹਵਾਈ ਅੱਡੇ 'ਤੇ 5 ਲੱਖ ਡਾਲਰ ਦੀ ਕੀਮਤ ਦੇ ਸਮੁੰਦਰ ਜੀਵ ਜ਼ਬਤ

ਮੱਛੀ ਪਾਲਣ ਅਤੇ ਸਰਹੱਦੀ ਸੇਵਾ ਅਧਿਕਾਰੀਆਂ ਨੇ ਬੁੱਧਵਾਰ ਨੂੰ ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ 100 ਕਿਲੋਗ੍ਰਾਮ ਤੋਂ ਵੱਧ ਗੈਰਕਾਨੂੰਨੀ ਐਲਵਰ ਜ਼ਬਤ ਕੀਤੇ। ਫਿਸ਼ਰੀਜ਼ ਐਂਡ ਓਸ਼ੀਅਨਜ਼ ਕੈਨੇਡਾ (ਡੀਐਫਓ) ਤੋਂ ਇੱਕ ਖਬਰ ਅਨੁਸਾਰ, ਅਧਿਕਾਰੀਆਂ ਨੇ ਲਗਭਗ 109 ਕਿਲੋਗ੍ਰਾਮ ਐਲਵਰ ਨੂੰ ਜਬਤ ਕੀਤਾ, ਜੋਕਿ ਵਿਦੇਸ਼ਾਂ ਵਿੱਚ ਭੇਜੇ ਜਾਣ ਵਾਲੇ ਸਨ। ਐਲਵਰਾਂ ਦੀ ਕੀਮਤ $400,000 ਅਤੇ $500,000 ਦੇ ਵਿਚਕਾਰ ਹੋਣ ਦਾ ਅਨੁਮਾਨ ਹੈ। ਮਾਰਚ ਵਿੱਚ ਡੀਐਫਓ ਨੇ ਐਲਾਨ ਕੀਤਾ ਸੀ ਕਿ ਸੁਰੱਖਿਆ ਅਤੇ ਸੰਭਾਲ ਦੀਆਂ ਚਿੰਤਾਵਾਂ ਕਾਰਨ ਇਸ ਸਾਲ ਐਲਵਰ ਮੱਛੀਆਂ ਨਹੀਂ ਫੜ੍ਹੀਆਂ ਜਾਣਗੀਆਂ। ਹੁਣ ਤੱਕ ਅਧਿਕਾਰੀਆਂ ਨੇ 149 ਗ੍ਰਿਫ਼ਤਾਰੀਆਂ ਕੀਤੀਆਂ ਹਨ ਅਤੇ ਲਗਭਗ 207.7 ਕਿਲੋਗ੍ਰਾਮ ਐਲਵਰ ਜ਼ਬਤ ਕੀਤੇ ਹਨ।




# ਟੈਕਸਾਸ 'ਚ ਬਾਲਣ ਲਿਜਾ ਰਹੀ ਕਿਸ਼ਤੀ ਪੁਲ ਨਾਲ ਟਕਰਾਈ, 2000 ਗੈਲਨ ਤੇਲ ਡਿੱਗਣ ਦਾ ਖਦਸ਼ਾ

ਅਮਰੀਕਾ ਦੇ ਟੈਕਸਾਸ ਦੇ ਗੈਲਵੈਸਟਨ ਨੇੜੇ ਬਾਲਣ ਲੈ ਕੇ ਜਾ ਰਹੀ ਕਿਸ਼ਤੀ ਪੁਲ ਨਾਲ ਟਕਰਾ ਗਈ। ਇਸ ਟੱਕਰ ਕਾਰਨ 2,000 ਗੈਲਨ ਤੇਲ ਪਾਣੀ ਵਿਚ ਡਿੱਗਣ ਦੀ ਸੰਭਾਵਨਾ ਹੈ। ਅਮਰੀਕੀ ਕੋਸਟ ਗਾਰਡ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਤੱਟ ਰੱਖਿਅਕ ਬਲ ਨੇ ਦੱਸਿਆ ਕਿ ਟੱਗਬੋਟ (ਕਿਸ਼ਤੀਆਂ ਨੂੰ ਖਿੱਚਣ ਜਾਂ ਧੱਕਾ ਦੇਣ ਲਈ ਵਰਤੀ ਜਾਣ ਵਾਲੀ ਕਿਸ਼ਤੀ) ਤੋਂ ਵੱਖ ਹੋਣ ਤੋਂ ਬਾਅਦ ਬੁੱਧਵਾਰ ਨੂੰ ਪੈਲੀਕਨ ਆਈਲੈਂਡ ਕਾਜ਼ਵੇਅ ਇੱਕ ਇੱਕ ਖੰਭੇ ਨਾਲ ਟਕਰਾ ਗਿਆ, ਜਿਸ ਨਾਲ ਪੁਲ ਅੰਸ਼ਕ ਤੌਰ 'ਤੇ ਢਹਿ ਗਿਆ ਅਤੇ ਪੈਲੀਕਨ ਆਈਲੈਂਡ ਨੂੰ ਜੋੜਨ ਵਾਲੀ ਇਕਲੌਤੀ ਸੜਕ ਕੱਟੀ ਗਈ। ਮਾਰਟਿਨ ਮਰੀਨ ਦੇ ਵਾਈਸ ਪ੍ਰੈਜ਼ੀਡੈਂਟ ਰਿਕ ਫ੍ਰੀਡ ਨੇ ਇਕ ਨਿਊਜ਼ ਕਾਨਫਰੰਸ ਨੂੰ ਦੱਸਿਆ ਕਿ ਜਹਾਜ਼ ਵਿਚ 30,000 ਬੈਰਲ ਤੇਲ ਰੱਖਣ ਦੀ ਸਮਰੱਥਾ ਸੀ ਪਰ ਜਦੋਂ ਇਹ ਪੁਲ ਨਾਲ ਟਕਰਾਇਆ ਤਾਂ ਇਸ ਵਿਚ 23,000 ਬੈਰਲ ਤੇਲ ਸੀ। ਕੋਸਟ ਗਾਰਡ ਕੈਪਟਨ ਕੀਥ ਡੋਨੋਹੁਏ ਨੇ ਕਿਹਾ,"ਸਾਡੇ ਸ਼ੁਰੂਆਤੀ ਅੰਦਾਜ਼ੇ ਮੁਤਾਬਕ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਪਾਣੀ ਵਿੱਚ ਘੱਟ ਤੇਲ ਡਿੱਗਿਆ ਹੈ।" ਇਸ ਤੋਂ ਇਲਾਵਾ ਕਿਸ਼ਤੀ ਤੋਂ 5,640 ਗੈਲਨ ਵਾਧੂ ਤੇਲ ਬਰਾਮਦ ਕੀਤਾ ਗਿਆ ਹੈ ਜੋ ਪਾਣੀ ਵਿੱਚ ਨਹੀਂ ਗਿਆ ਸੀ। ਯੂ.ਐਸ ਕੋਸਟ ਗਾਰਡ ਨੇ ਦੱਸਿਆ ਕਿ 2,000 ਗੈਲਨ ਤੇਲ ਪਾਣੀ ਵਿੱਚ ਡਿੱਗਣ ਦੀ ਸੰਭਾਵਨਾ ਹੈ।



# ਟੈਕਸਾਸ 'ਚ ਭਿਆਨਕ ਤੂਫਾਨ ਨੇ ਮਚਾਈ ਤਬਾਹੀ, ਚਾਰ ਲੋਕਾਂ ਦੀ ਮੌਤ



ਅਮਰੀਕਾ ਦੇ ਟੈਕਸਾਸ ਸੂਬੇ ਦੇ ਸਭ ਤੋਂ ਵੱਡੇ ਸ਼ਹਿਰ ਹਿਊਸਟਨ 'ਚ ਭਿਆਨਕ ਤੂਫਾਨ ਦੀ ਲਪੇਟ 'ਚ ਆਉਣ ਨਾਲ ਚਾਰ ਲੋਕਾਂ ਦੀ ਮੌਤ ਹੋ ਗਈ। ਸੂਬਾਈ ਪ੍ਰਸ਼ਾਸਨ ਮੁਤਾਬਕ ਹਾਲਾਂਕਿ ਅਜੇ ਤੱਕ ਇਹ ਸਪੱਸ਼ਟ ਨਹੀਂ ਹੈ ਕਿ ਲੋਕਾਂ ਦੀ ਮੌਤ ਕਿਵੇਂ ਹੋਈ। ਉਨ੍ਹਾਂ ਦੱਸਿਆ ਕਿ ਵੀਰਵਾਰ ਰਾਤ ਕਰੀਬ 9 ਵਜੇ ਸ਼ਹਿਰ ਵਿੱਚ ਆਏ ਤੂਫ਼ਾਨ ਕਾਰਨ ਕਈ ਇਲਾਕਿਆਂ ਵਿੱਚ ਦਰੱਖ਼ਤ ਉੱਖੜ ਗਏ ਅਤੇ ਬਿਜਲੀ ਦੀਆਂ ਤਾਰਾਂ ਟੁੱਟ ਗਈਆਂ। ਟੈਕਸਾਸ ਦੇ ਸਭ ਤੋਂ ਵੱਡੇ ਸਕੂਲੀ ਜ਼ਿਲ੍ਹੇ ਹਿਊਸਟਨ ISD ਨੇ ਤੂਫਾਨ ਦੇ ਨੁਕਸਾਨ ਅਤੇ ਬਿਜਲੀ ਬੰਦ ਹੋਣ ਕਾਰਨ ਸ਼ੁੱਕਰਵਾਰ ਲਈ ਸਾਰੀਆਂ ਕਲਾਸਾਂ ਰੱਦ ਕਰ ਦਿੱਤੀਆਂ। ਇੱਕ ਯੂਐਸ ਇਲੈਕਟ੍ਰਿਕ ਅਤੇ ਕੁਦਰਤੀ ਗੈਸ ਉਪਯੋਗਤਾ ਸੈਂਟਰਪੁਆਇੰਟ ਨੇ ਕਿਹਾ ਕਿ ਸ਼ਕਤੀਸ਼ਾਲੀ ਤੂਫਾਨ ਕਾਰਨ ਬਿਜਲੀ ਬੰਦ ਹੋਣ ਕਾਰਨ ਲਗਭਗ 900,000 ਲੋਕ ਹਨੇਰੇ ਵਿੱਚ ਹਨ।

# ਅਮਰੀਕਾ 'ਚ ਭਾਰਤੀਆਂ ਦੀ ਗਿਣਤੀ 'ਚ ਤੇਜ਼ੀ ਨਾਲ ਵਾਧਾ ਪਰ ਰਾਜਨੀਤਿਕ ਭਾਗੀਦਾਰੀ 'ਚ ਨਹੀਂ




ਕਮਲਾ ਹੈਰਿਸ ਨੇ ਅਮਰੀਕਾ ਵਿੱਚ ਭਾਰਤੀ ਮੂਲ ਦੀ ਇੱਕ ਸਿਆਸਤਦਾਨ ਵਜੋਂ ਤਰੱਕੀ ਕੀਤੀ ਹੈ ਅਤੇ ਮੌਜੂਦਾ ਸਮੇਂ ਉਹ ਦੇਸ਼ ਦੀ ਉਪ-ਰਾਸ਼ਟਰਪਤੀ ਹੈ। ਭਾਰਤ ਵਿਚ ਲੋਕ ਸਭਾ ਚੋਣਾਂ ਹੋ ਰਹੀਆਂ ਹਨ ਅਤੇ ਇਸੇ ਤਰ੍ਹਾਂ ਅਮਰੀਕਾ 'ਚ ਵੀ ਰਾਸ਼ਟਰਪਤੀ ਚੋਣਾਂ ਹੋ ਰਹੀਆਂ ਹਨ। ਕੁਝ ਮਹੀਨਿਆਂ 'ਚ ਵੋਟਿੰਗ ਹੋਣ ਵਾਲੀ ਹੈ। ਉਸ ਵਿੱਚ ਬਹੁਤ ਸਾਰੇ ਸਿਆਸਤਦਾਨਾਂ ਦੀ ਨਜ਼ਰ ਭਾਰਤੀ ਅਮਰੀਕੀ ਭਾਈਚਾਰੇ 'ਤੇ ਹੈ। ਅਮਰੀਕਾ ਵਿੱਚ ਭਾਰਤੀਆਂ ਦੀ ਸਿਆਸੀ ਹਿੱਸੇਦਾਰੀ ਜ਼ਿਆਦਾ ਨਹੀਂ ਹੈ। ਇਸ ਲਈ ਬਹੁਤ ਸਾਰੇ ਲੋਕਾਂ ਦਾ ਕਹਿਣਾ ਹੈ ਕਿ ਅਮਰੀਕਾ ਵਿੱਚ ਰਹਿਣ ਵਾਲੇ ਭਾਰਤੀਆਂ ਨੂੰ ਹੁਣ ਰਾਜਨੀਤੀ ਵਿੱਚ ਵਧੇਰੇ ਸਰਗਰਮ ਹੋ ਕੇ ਵੱਡੇ ਅਹੁਦਿਆਂ ਲਈ ਚੋਣ ਲੜਨੀ ਚਾਹੀਦੀ ਹੈ।

ਭਾਰਤੀ-ਅਮਰੀਕੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਵੀ ਕਿਹਾ ਕਿ ਭਾਰਤੀਆਂ ਨੂੰ ਅਮਰੀਕੀ ਰਾਜਨੀਤੀ ਵਿੱਚ ਵਧੇਰੇ ਸਰਗਰਮ ਹੋਣਾ ਚਾਹੀਦਾ ਹੈ। ਉਪ -ਰਾਸ਼ਟਰਪਤੀ ਕਮਲਾ ਹੈਰਿਸ ਨੇ ਕਿਹਾ ਕਿ ਅਮਰੀਕਾ ਵਿੱਚ ਚੁਣੇ ਜਾਣ ਵਾਲੇ ਭਾਰਤੀਆਂ ਦੀ ਗਿਣਤੀ ਬਹੁਤ ਘੱਟ ਹੈ। ਅਮਰੀਕਾ ਵਿਚ ਭਾਰਤੀਆਂ ਦੀ ਗਿਣਤੀ ਵਿੱਚ ਭਾਵੇਂ ਤੇਜ਼ੀ ਦੇ ਨਾਲ ਵਾਧਾ ਹੋਇਆ ਹੈ। ਪ੍ਰੰਤੂ ਉਨ੍ਹਾਂ ਦੀ ਰਾਜਨੀਤਿਕ ਭਾਗੀਦਾਰੀ ਵਿੱਚ ਤੇਜ਼ੀ ਨਾਲ ਵਾਧਾ ਨਹੀਂ ਹੋਇਆ ਹੈ। ਕਮਲਾ ਹੈਰਿਸ ਨੇ ਇੰਡੀਅਨ ਅਮਰੀਕਨ ਇਮਪੈਕਟ ਦੇ ਸਾਲਾਨਾ ਸੰਮੇਲਨ 'ਚ ਸੰਬੋਧਨ ਕਰਦਿਆਂ ਕਿਹਾ ਕਿ ਇੰਡੀਅਨ-ਅਮਰੀਕਨ ਇਮਪੈਕਟ ਇਹ ਲੋਕ ਡੈਮੋਕ੍ਰੇਟਿਕ ਪਾਰਟੀ ਦੇ ਥਿੰਕ ਟੈਂਕ ਲਈ ਮੰਨੇ ਜਾਂਦੇ ਹਨ ਅਤੇ ਭਾਰਤੀ ਅਮਰੀਕੀਆਂ ਨੂੰ ਚੋਣਾਂ ਲੜਨ ਲਈ ਫੰਡ ਮੁਹੱਈਆ ਕਰਵਾਉਂਦੇ ਹਨ।

ਕਮਲਾ ਹੈਰਿਸ ਦਾ ਭਾਸ਼ਣ ਸੁਣਨ ਲਈ ਇੱਥੇ ਸੈਂਕੜੇ ਭਾਰਤੀ ਅਮਰੀਕੀ ਵਾਸ਼ਿੰਗਟਨ ਡੀਸੀ ਵਿੱਚ ਮੌਜੂਦ ਸਨ। ਕਮਲਾ ਹੈਰਿਸ ਨੇ ਕਿਹਾ ਕਿ ਚੋਣ ਪ੍ਰਕਿਰਿਆ ਵਿੱਚ ਭਾਰਤੀ-ਅਮਰੀਕੀ ਭਾਗੀਦਾਰੀ ਪਿਛਲੇ ਸਾਲਾਂ ਵਿੱਚ ਵਧੀ ਹੈ ਪਰ ਭਾਗੀਦਾਰੀ ਅਜੇ ਵੀ ਨਹੀਂ ਦਿਖਾਈ ਦੇ ਰਹੀ ਹੈ ਕਿਉਂਕਿ ਸਾਡੀ ਆਬਾਦੀ ਲਗਾਤਾਰ ਵਧ ਰਹੀ ਹੈ। ਵਰਤਮਾਨ ਵਿੱਚ ਅਮਰੀਕੀ ਕਾਂਗਰਸ ਵਿੱਚ ਸਿਰਫ਼ ਸਾਡੇ ਪੰਜ ਚੁਣੇ ਗਏ ਭਾਰਤੀ ਅਮਰੀਕੀ ਹਨ। ਇਨ੍ਹਾਂ ਵਿੱਚ ਡਾ: ਅਮੀ ਬੇਰਾ, ਰਾਜਾ ਕ੍ਰਿਸ਼ਨਮੂਰਤੀ, ਰੋ ਖੰਨਾ, ਪ੍ਰਮਿਲਾ ਜੈਪਾਲ ਅਤੇ ਮਿਸਟਰ ਥਾਣੇਦਾਰ ਸ਼ਾਮਲ ਹਨ। ਸਾਲ 2020 ਵਿੱਚ ਇਹ ਅੰਦਾਜ਼ਾ ਲਗਾਇਆ ਗਿਆ ਸੀ ਕਿ ਅਮਰੀਕੀ ਕਾਂਗਰਸ ਲਈ ਚੁਣੇ ਗਏ ਭਾਰਤੀ-ਅਮਰੀਕੀਆਂ ਦੀ ਗਿਣਤੀ ਵੱਧ ਕੇ 10 ਹੋ ਜਾਵੇਗੀ। ਪ੍ਰੰਤੂ ਇਸ ਤਰਾਂ ਨਹੀ ਹੋਇਆ, ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਕਿਹਾ, "ਹਮੇਸ਼ਾ ਜਾਣੋ ਕਿ ਤੁਸੀਂ ਇਕੱਲੇ ਨਹੀਂ ਹੋ।" ਸਾਡੇ ਕੋਲ ਇੱਕ ਦੇਸ਼ ਦੇ ਰੂਪ ਵਿੱਚ ਬਹੁਤ ਕੁਝ ਹੈ ਅਤੇ ਅਸੀਂ ਸਾਰੇ ਹੋਰ ਵੀ ਬਹੁਤ ਕੁਝ ਕਰ ਸਕਦੇ ਹਾਂ। ਅਮਰੀਕਾ ਲੋਕਾਂ ਨਾਲ ਵਾਅਦਾ ਕਰਦਾ ਹੈ ਅਤੇ ਮੈਂ ਇਸ ਦਾ ਸਬੂਤ ਹਾਂ। ਅਮਰੀਕਾ ਵਿੱਚ ਅਗਲੇ ਛੇ ਮਹੀਨਿਆਂ ਵਿੱਚ ਚੋਣਾਂ ਹੋਣ ਵਾਲੀਆਂ ਹਨ। ਅਸੀਂ ਇਹ ਤੈਅ ਕਰਨਾ ਹੈ ਕਿ ਅਸੀਂ ਕਿਸ ਤਰ੍ਹਾਂ ਦੀ ਦੁਨੀਆ ਅਤੇ ਕਿਸ ਤਰ੍ਹਾਂ ਦੇ ਦੇਸ਼ ਵਿਚ ਰਹਿਣਾ ਚਾਹੁੰਦੇ ਹਾਂ। ਕਮਲਾ ਹੈਰਿਸ ਨੇ ਫਿਰ ਭਾਰਤੀ ਅਮਰੀਕੀਆਂ ਨੂੰ ਅਮਰੀਕੀ ਰਾਜਨੀਤੀ ਵਿੱਚ ਸਰਗਰਮ ਹੋਣ ਅਤੇ ਮਹੱਤਵਪੂਰਨ ਅਹੁਦਿਆਂ ਲਈ ਚੋਣ ਲੜਨ ਦਾ ਵੀ ਸੱਦਾ ਦਿੱਤਾ।

# ਕਾਰਤਿਕ ਆਰੀਅਨ 'ਤੇ ਟੁੱਟਿਆ ਦੁੱਖਾਂ ਦਾ ਪਹਾੜ, ਹੋਰਡਿੰਗ ਹਾਦਸੇ 'ਚ ਮਾਮਾ-ਮਾਮੀ ਦੀ ਹੋਈ ਦਰਦਨਾਕ ਮੌਤ




ਬੀਤੇ ਸੋਮਵਾਰ ਯਾਨੀਕਿ 13 ਮਈ ਨੂੰ ਮੁੰਬਈ 'ਚ ਬਹੁਤ ਹੀ ਭਿਆਨਕ ਤੂਫਾਨ ਆਇਆ ਸੀ, ਜਿਸ ਕਾਰਨ ਸ਼ਹਿਰ ਦੇ ਘਾਟਕੋਪਰ ਇਲਾਕੇ 'ਚ ਇੱਕ ਵੱਡਾ ਹੋਰਡਿੰਗ ਡਿੱਗ ਗਿਆ। ਦੱਸਿਆ ਜਾ ਰਿਹਾ ਹੈ ਕਿ ਇਸ ਦਰਦਨਾਕ ਹਾਦਸੇ 'ਚ 16 ਲੋਕਾਂ ਦੀ ਮੌਤ ਹੋਈ ਸੀ। ਹਾਲ ਹੀ 'ਚ ਖ਼ਬਰ ਆਈ ਹੈ ਕਿ ਬਾਲੀਵੁੱਡ ਅਦਾਕਾਰ ਕਾਰਤਿਕ ਆਰੀਅਨ ਦੇ ਰਿਸ਼ਤੇਦਾਰ ਵੀ ਇਸ ਘਟਨਾ ਦਾ ਸ਼ਿਕਾਰ ਹੋਏ ਸਨ, ਜਿਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਦੱਸ ਦਈਏ ਕਿ ਘਾਟਕੋਪਰ ਹੋਰਡਿੰਗ ਹਾਦਸੇ 'ਚ ਕਾਰਤਿਕ ਆਰੀਅਨ ਦੇ ਮਾਮਾ-ਮਾਮੀ ਦੀ ਮੌਤ ਹੋ ਗਈ ਹੈ। 3 ਦਿਨ ਬਾਅਦ ਬਰਾਮਦ ਹੋਈਆਂ ਦੋਵੇਂ ਲਾਸ਼ਾਂ ਕਾਰਤਿਕ ਦੇ ਰਿਸ਼ਤੇਦਾਰਾਂ ਦੀਆਂ ਦੱਸੀਆਂ ਜਾਂਦੀਆਂ ਹਨ। ਉਹ ਇੰਦੌਰ ਏਅਰਪੋਰਟ ਦੇ ਸਾਬਕਾ ਡਾਇਰੈਕਟਰ ਮਨੋਜ ਚਨਸੋਰੀਆ ਅਤੇ ਉਨ੍ਹਾਂ ਦੀ ਪਤਨੀ ਅਨੀਤਾ ਚਨਸੋਰੀਆ ਦੇ ਹਨ। ਕਾਰਤਿਕ ਆਰੀਅਨ ਦੇ ਮਾਮਾ ਅਤੇ ਮਾਮਾ ਸਿਵਲ ਲਾਈਨ, ਜਬਲਪੁਰ ਸਥਿਤ ਮਰੀਅਮ ਚੌਕ 'ਚ ਰਹਿੰਦੇ ਸਨ। ਹਾਦਸੇ ਤੋਂ ਕਰੀਬ 56 ਘੰਟੇ ਬਾਅਦ ਦੋਵਾਂ ਦੀਆਂ ਲਾਸ਼ਾਂ ਨੂੰ ਬਾਹਰ ਕੱਢਿਆ ਗਿਆ। ਕੱਲ੍ਹ ਦੁਪਹਿਰ ਕਾਰਤਿਕ ਆਰੀਅਨ ਆਪਣੇ ਪਰਿਵਾਰ ਸਮੇਤ ਅੰਤਿਮ ਸੰਸਕਾਰ ਲਈ ਸਹਿਰ ਸ਼ਮਸ਼ਾਨਘਾਟ ਪਹੁੰਚੇ ਸਨ। ਅਦਾਕਾਰ ਦੇ ਰਿਸ਼ਤੇਦਾਰ ਮੁੰਬਈ ਤੋਂ ਇੰਦੌਰ ਦੇ ਰਸਤੇ ਜਬਲਪੁਰ ਪਰਤਣ ਵਾਲੇ ਸਨ। ਸ਼ਾਮ ਕਰੀਬ 4:30 ਵਜੇ ਉਹ ਕਾਰ 'ਚ ਪੈਟਰੋਲ ਭਰਨ ਲਈ ਈਸਟਰਨ ਐਕਸਪ੍ਰੈਸ ਹਾਈਵੇਅ 'ਤੇ ਪੰਤ ਨਗਰ ਸਥਿਤ ਇਕ ਪੈਟਰੋਲ ਪੰਪ 'ਤੇ ਰੁਕਿਆ ਸੀ। ਇਸ ਦੌਰਾਨ ਉਸ ਦੀ ਕਾਰ ਐੱਚ. ਆਰ. 26 ਈ. ਐੱਲ 9373 ਇੱਕ ਹੋਰਡਿੰਗ ਨਾਲ ਟਕਰਾ ਗਈ ਅਤੇ ਉਸ ਦੀ ਮੌਤ ਹੋ ਗਈ।

ਦੱਸਣਯੋਗ ਹੈ ਕਿ ਕਾਰਤਿਕ ਆਰੀਅਨ ਦੇ ਮਾਮਾ ਅਤੇ ਮਾਸੀ ਮਨੋਜ ਅਤੇ ਅਨੀਤਾ ਅਮਰੀਕਾ 'ਚ ਰਹਿੰਦੇ ਆਪਣੇ ਬੇਟੇ ਯਸ਼ ਨੂੰ ਮਿਲਣ ਲਈ ਵੀਜ਼ਾ ਦੀ ਕਾਗਜ਼ੀ ਕਾਰਵਾਈ ਪੂਰੀ ਕਰਨ ਲਈ ਮੁੰਬਈ ਆਏ ਹੋਏ ਸਨ। ਸੋਮਵਾਰ ਦੁਪਹਿਰ ਯਸ਼ ਦਾ ਆਪਣੇ ਮਾਤਾ-ਪਿਤਾ ਨਾਲ ਸੰਪਰਕ ਟੁੱਟ ਗਿਆ। ਆਪਣੇ ਮਾਤਾ-ਪਿਤਾ ਨੂੰ ਲੈ ਕੇ ਯਸ਼ ਦੀ ਚਿੰਤਾ ਨੂੰ ਦੇਖਦੇ ਹੋਏ ਮਨੋਜ ਦੇ ਦੋਸਤਾਂ ਨੇ ਮੁੰਬਈ ਪੁਲਸ ਤੋਂ ਮਦਦ ਮੰਗੀ। ਇਸ ਤੋਂ ਬਾਅਦ, ਮੋਬਾਈਲ ਨੈਟਵਰਕ ਡੇਟਾ ਦੀ ਵਰਤੋਂ ਕਰਦਿਆਂ, ਪੁਲਿਸ ਨੇ ਈਸਟਰਨ ਐਕਸਪ੍ਰੈਸ ਹਾਈਵੇਅ ਨੇੜੇ ਘਾਟਕੋਪਰ ਤੱਕ ਉਸ ਦੀ ਆਖਰੀ ਲੋਕੇਸ਼ਨ ਟਰੇਸ ਕੀਤੀ। ਸਥਾਨ ਦਾ ਪਤਾ ਲੱਗਣ 'ਤੇ, ਦੋਸਤ ਅਤੇ ਸਹਿਕਰਮੀ ਸਾਈਟ 'ਤੇ ਪਹੁੰਚ ਗਏ। ਕਈ ਘੰਟਿਆਂ ਦੀ ਭਾਲ ਤੋਂ ਬਾਅਦ, ਜੋੜੇ ਦੀਆਂ ਲਾਸ਼ਾਂ ਡਿੱਗੀਆਂ ਹੋਈਆਂ ਬਰਾਮਦ ਹੋਈਆਂ, ਜਿਵੇਂ ਹੀ ਯਸ਼ ਨੂੰ ਪਤਾ ਲੱਗਾ ਕਿ ਉਸ ਦੇ ਮਾਤਾ-ਪਿਤਾ ਲਾਪਤਾ ਹਨ, ਉਹ ਅਮਰੀਕਾ ਤੋਂ ਮੁੰਬਈ ਪਹੁੰਚ ਗਿਆ।

# ਪੰਜਾਬੀ ਫ਼ਿਲਮ ਇੰਡਸਟਰੀ ਦੇ ਨਾਮੀ ਅਦਾਕਾਰ ਦੇ ਘਰ ਲੱਗੀ ਭਿਆਨਕ ਅੱਗ



ਇਸ ਵੇਲੇ ਦੀ ਵੱਡੀ ਖ਼ਬਰ ਮਨੋਰੰਜਨ ਜਗਤ ਤੋਂ ਸਾਹਮਣੇ ਆ ਰਹੀ ਹੈ। ਜੀ ਹਾਂ, ਪੰਜਾਬੀ ਫ਼ਿਲਮ ਇੰਡਸਟਰੀ ਦੇ ਪ੍ਰਸਿੱਧ ਅਦਾਕਾਰ ਕੰਵਲਜੀਤ ਸਿੰਘ ਦੇ ਮੁੰਬਈ ਸਥਿਤ ਘਰ 'ਚ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਕੰਵਲਜੀਤ ਨੇ ਇਸ ਬਾਰੇ ਖੁਦ ਜਾਣਕਾਰੀ ਸਾਂਝੀ ਕੀਤੀ ਹੈ। ਅਦਾਕਾਰ ਨੇ ਆਪਣੇ ਘਰ ਦਾ ਇੱਕ ਵੀਡੀਓ ਸਾਂਝਾ ਕਰਦੇ ਹੋਏ ਦੱਸਿਆ- 'ਬਸ ਇਹੀ ਕਹਿਣ ਲਈ ਅਸੀਂ ਸਾਰੇ ਸੁਰੱਖਿਅਤ ਹਾਂ। ਅਸੀਂ ਮਾਂ ਨਾਲ ਲੋਨਾਵਾਲਾ ਚਲੇ ਗਏ। ਇਹ ਬਹੁਤ ਹੀ ਮੰਦਭਾਗਾ ਸੀ। ਰੱਬ ਦਾ ਸ਼ੁਕਰ ਹੈ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਲਿਫਟਾਂ ਵੱਡੇ ਪੱਧਰ 'ਤੇ ਖਰਾਬ ਹਨ ਅਤੇ ਆਡਿਟ ਹੋਣ ਤੱਕ ਬਿਜਲੀ ਨਹੀਂ ਹੈ।' ਦੱਸ ਦਈਏ ਕਿ ਕੰਵਲਜੀਤ ਸਿੰਘ ਕਈ ਪੰਜਾਬੀ ਫ਼ਿਲਮਾਂ 'ਚ ਕੰਮ ਕਰ ਚੁੱਕੇ ਹਨ, ਜਿਨ੍ਹਾਂ 'ਚ ਹਰਭਜਨ ਮਾਨ ਨਾਲ ਫ਼ਿਲਮ 'ਅਸਾਂ ਨੂੰ ਮਾਣ ਵਤਨਾਂ ਦਾ', 'ਦਿਲ ਆਪਣਾ ਪੰਜਾਬੀ', 'ਮਿੱਟੀ ਵਾਜਾਂ ਮਾਰਦੀ', 'ਕਪਤਾਨ' ਸਣੇ ਕਈ ਫ਼ਿਲਮਾਂ 'ਚ ਕੰਮ ਕਰ ਚੁੱਕੇ ਹਨ। ਦੱਸਣਯੋਗ ਹੈ ਕਿ ਕੰਵਲਜੀਤ ਸਿੰਘ ਨੇ ਮਹਿਜ਼ 17 ਸਾਲ ਦੀ ਉਮਰ 'ਚ ਆਪਣੇ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਇਸ ਤੋਂ ਬਾਅਦ ਉਨ੍ਹਾਂ ਨੇ 'ਜੀਵਨ ਏਕ ਸੰਘਰਸ਼', 'ਕੁਝ ਮੀਠਾ ਹੋ ਜਾਏ', 'ਏਕ ਮਿਸਾਲ', 'ਰਾਜੀ ਔਰ ਸਰਦਾਰ ਕਾ ਗ੍ਰੈਂਡਸੰਨ' ਸਣੇ ਕਈ ਫ਼ਿਲਮਾਂ 'ਚ ਆਪਣੀ ਅਦਾਕਾਰੀ ਦਾ ਜਲਵਾ ਵਿਖਾਇਆ।

# ਕਰਨ ਔਜਲਾ ਨੇ ਬਾਪੂ ਦੀ 35 ਸਾਲ ਪੁਰਾਣੀ ਕਮੀਜ਼ ਪਾ ਕੇ ਸ਼ੂਟ ਕੀਤਾ ਨਵਾਂ ਗੀਤ, ਵੀਡੀਓ ਸਾਂਝੀ ਕਰ ਆਖੇ ਦਿਲ ਦੇ ਜਜ਼ਬਾਤ

ਪੰਜਾਬੀ ਗਾਇਕ ਕਰਨ ਔਜਲਾ ਇੱਕ ਵਾਰ ਮੁੜ ਸੁਰਖੀਆਂ 'ਚ ਆ ਗਿਆ ਹੈ। ਗਾਇਕ ਦੇ ਲਗਾਤਾਰ 2 ਗਾਣੇ 'Goin Off' ਤੇ 'Winning Speech' ਰਿਲੀਜ਼ ਹੋਏ ਹਨ ਅਤੇ ਇਨ੍ਹਾਂ ਦੋਵੇਂ ਹੀ ਗੀਤਾਂ ਨੇ ਯੂਟਿਊਬ 'ਤੇ ਧਮਾਲ ਮਚਾ ਦਿੱਤੀ ਹੈ। ਉਨ੍ਹਾਂ ਦਾ ਗੀਤ 'ਵਿਨਿੰਗ ਸਪੀਚ' ਬੀਤੇ ਦਿਨੀਂ ਰਿਲੀਜ਼ ਹੋਇਆ ਹੈ, ਜਿਸ ਨੂੰ ਦਰਸ਼ਕਾਂ ਵਲੋਂ ਖੂਬ ਪਸੰਦ ਕੀਤਾ ਜਾ ਰਿਹਾ ਹੈ। ਦੱਸ ਦਈਏ ਕਿ ਗਾਇਕ ਕਰਨ ਔਜਲਾ ਨੇ ਇਸ ਗੀਤ 'ਚ 35 ਸਾਲ ਪੁਰਾਣੀ ਸ਼ਰਟ ਪਹਿਨੀ ਹੈ, ਜੋ ਕਿ ਉਨ੍ਹਾਂ ਦੇ ਪਿਤਾ ਦੀ ਹੈ। ਇਸ ਗੱਲ ਦਾ ਜ਼ਿਕਰ ਉਨ੍ਹਾਂ ਨੇ ਆਪਣੇ ਗੀਤ 'ਚ ਵੀ ਕੀਤਾ ਹੈ। ਇਸ ਤੋਂ ਇਲਾਵਾ ਕਰਨ ਔਜਲਾ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਵੀ ਇਕ ਵੀਡੀਓ ਪੋਸਟ ਕੀਤੀ ਹੈ, ਜਿਸ 'ਚ ਉਹ ਦੱਸ ਰਹੇ ਹਨ ਕਿ ਮੈਂ ਆਪਣੇ ਬਾਪੂ ਦੀ 35 ਸਾਲ ਪੁਰਾਣੀ ਸ਼ਰਟ ਪਹਿਨੀ ਹੈ।ਦੱਸਣਯੋਗ ਹੈ ਕਿ ਕਰਨ ਔਜਲਾ ਦਾ ਅਸਲੀ ਨਾਂ ਜਸਕਰਨ ਸਿੰਘ ਔਜਲਾ ਹੈ। ਉਨ੍ਹਾਂ ਨੇ ਇੰਡਸਟਰੀ 'ਚ ਆਉਣ ਤੋਂ ਪਹਿਲਾਂ ਆਪਣਾ ਨਾਂ ਕਰਨ ਔਜਲਾ ਰੱਖਿਆ। ਔਜਲਾ ਦਾ ਜਨਮ 18 ਜਨਵਰੀ 1997 ਨੂੰ ਲੁਧਿਆਣਾ ਦੇ ਪਿੰਡ ਘੁਰਾਲਾ ਵਿਚ ਹੋਇਆ ਸੀ। ਉਸਦੇ ਮਾਪਿਆਂ ਦੀ ਮੌਤ ਉਦੋਂ ਹੋਈ, ਜਦੋਂ ਉਹ ਮਹਿਜ਼ 9 ਸਾਲ ਦੇ ਸਨ। ਇਹ ਕਰਨ ਔਜਲਾ ਲਈ ਬਹੁਤ ਵੱਡਾ ਝਟਕਾ ਸੀ। ਮਾਪਿਆਂ ਦੀ ਮੌਤ ਤੋਂ ਬਾਅਦ ਕਰਨ ਔਜਲਾ ਨੂੰ ਉਨ੍ਹਾਂ ਦੇ ਚਾਚਾ ਅਤੇ ਭੈਣਾਂ ਨੇ ਪਾਲਿਆ। ਕਰਨ ਔਜਲਾ ਪੰਜਾਬੀ ਮਿਊਜ਼ਿਕ ਇੰਡਸਟਰੀ ਦਾ ਟੌਪ ਸਿੰਗਰ ਹੈ। ਉਸ ਮਹਿਜ਼ 20 ਸਾਲ ਦੀ ਉਮਰ 'ਚ ਆਪਣਾ ਕਰੀਅਰ ਸ਼ੁਰੂ ਕੀਤਾ ਅਤੇ ਅੱਜ 27 ਸਾਲ ਦੀ ਉਮਰ 'ਚ ਉਹ 100 ਕਰੋੜ ਜਾਇਦਾਦ ਦਾ ਮਾਲਕ ਹੈ। ਉਸ ਦੇ ਗਾਏ ਗਾਣੇ ਲੋਕਾਂ ਦੀ ਜ਼ੁਬਾਨ 'ਤੇ ਚੜ੍ਹ ਜਾਂਦੇ ਹਨ। ਪਰਸਨਲ ਲਾਈਫ ਦੀ ਗੱਲ ਕਰੀਏ ਤਾਂ ਕਰਨ ਔਜਲਾ ਨੇ ਸਾਲ 2023 'ਚ ਆਪਣੀ ਪ੍ਰੇਮਿਕਾ ਪਲਕ ਨਾਲ ਵਿਆਹ ਕੀਤਾ ਸੀ।



# 'ਹਿੱਟਮੈਨ' ਤੇ ਨਮਨ ਦੀਆਂ ਧਮਾਕੇਦਾਰ ਪਾਰੀਆਂ ਦੇ ਬਾਵਜੂਦ ਹਾਰੀ ਮੁੰਬਈ

ਮੁੰਬਈ ਦੇ ਵਾਨਖੇੜੇ ਸਟੇਡੀਅਮ 'ਚ ਖੇਡੇ ਗਏ ਆਈ.ਪੀ.ਐੱਲ. ਦੇ ਮੁਕਾਬਲੇ 'ਚ ਲਖਨਊ ਸੁਪਰਜਾਇੰਟਸ ਨੇ ਮੁੰਬਈ ਇੰਡੀਅਨਜ਼ ਨੂੰ ਹਰਾ ਕੇ ਜਿੱਤ ਨਾਲ ਆਪਣੇ ਅਭਿਆਨ ਦਾ ਅੰਤ ਕੀਤਾ ਹੈ। ਹਾਲਾਂਕਿ ਇਸ ਜਿੱਤ ਦਾ ਕੋਈ ਫ਼ਾਇਦਾ ਨਹੀਂ ਹੈ ਕਿਉਂਕਿ ਇਹ ਦੋਵੇਂ ਹੀ ਟੀਮਾਂ ਪਲੇਆਫ਼ ਦੀ ਰੇਸ 'ਚੋਂ ਬਾਹਰ ਹਨ। ਇਸ ਤੋਂ ਪਹਿਲਾਂ ਮੁੰਬਈ ਦੇ ਕਪਤਾਨ ਹਾਰਦਿਕ ਪੰਡਯਾ ਨੇ ਟਾਸ ਜਿੱਤ ਕੇ ਗੇਂਦਬਾਜ਼ੀ ਦਾ ਫ਼ੈਸਲਾ ਕੀਤਾ ਸੀ। ਇਸ ਤਰ੍ਹਾਂ ਲਖਨਊ ਨੇ ਕਪਤਾਨ ਕੇ.ਐੱਲ. ਰਾਹੁਲ (55) ਤੇ ਨਿਕੋਲਸ ਪੂਰਨ (75) ਦੀਆਂ ਧਮਾਕੇਦਾਰ ਪਾਰੀਆਂ ਦੀ ਬਦੌਲਤ 20 ਓਵਰਾਂ 'ਚ 6 ਵਿਕਟਾਂ ਗੁਆ ਕੇ 214 ਦੌੜਾਂ ਦਾ ਵਿਸ਼ਾਲ ਸਕੋਰ ਖੜ੍ਹਾ ਕੀਤਾ ਸੀ। ਇਸ ਟੀਚੇ ਦਾ ਪਿੱਛਾ ਕਰਦਿਆਂ ਮੁੰਬਈ ਰੋਹਿਤ ਸ਼ਰਮਾ ਦੀ 38 ਗੇਂਦਾਂ 'ਚ 68 ਦੌੜਾਂ ਦੀ ਤੂਫ਼ਾਨੀ ਪਾਰੀ ਤੋਂ ਬਾਅਦ ਨਮਨ ਧੀਰ ਦੀ 26 ਗੇਂਦਾਂ 'ਚ 56 ਦੌੜਾਂ ਦੀ ਧਮਾਕੇਦਾਰ ਪਾਰੀ ਦੇ ਬਾਵਜੂਦ 20 ਓਵਰਾਂ 'ਚ 6 ਵਿਕਟਾਂ ਗੁਆ ਕੇ 196 ਦੌੜਾਂ ਹੀ ਬਣਾ ਸਕੀ।ਕਪਤਾਨ ਪੰਡਯਾ ਇਕ ਵਾਰ ਫ਼ਿਰ ਫਲਾਪ ਰਹੇ ਤੇ 13 ਗੇਂਦਾਂ 'ਚ ਸਿਰਫ਼ 16 ਦੌੜਾਂ ਬਣਾ ਕੇ ਪੈਵੇਲੀਅਨ ਪਰਤ ਗਏ। ਸੂਰਯਕੁਮਾਰ ਯਾਦਵ ਵੀ ਬਿਨਾਂ ਖਾਤਾ ਖੋਲ੍ਹੇ ਹੀ ਆਊਟ ਹੋ ਗਏ। ਨੇਹਾਲ ਵਢੇਰਾ ਤੇ ਰੋਮਾਰੀਓ ਸ਼ੈਫਰਡ ਨੇ 1-1 ਦੌੜ ਦਾ ਯੋਗਦਾਨ ਦਿੱਤਾ। ਇਸ ਤਰ੍ਹਾਂ ਟੀਮ 18 ਦੌੜਾਂ ਨਾਲ ਮੁਕਾਬਲਾ ਹਾਰ ਗਈ ਤੇ ਉਸ ਨੂੰ ਇਸ ਸੀਜ਼ਨ ਆਖ਼ਰੀ ਸਥਾਨ 'ਤੇ ਰਹਿ ਕੇ ਸਬਰ ਕਰਨਾ ਪਿਆ ਹੈ।



## ਕੋਹਲੀ ਦੇ ਘਰੇਲੂ ਮੈਦਾਨ 'ਤੇ ਦਰਸ਼ਕਾਂ ਨੂੰ ਮਿਲਿਆ ਬਾਸੀ ਖਾਣਾ

ਕ੍ਰਿਕਟ ਜਗਤ 'ਚ ਵੱਖ-ਵੱਖ ਤਰ੍ਹਾਂ ਦੀਆਂ ਘਟਨਾਵਾਂ ਲਗਾਤਾਰ ਵਾਪਰਦੀਆਂ ਰਹਿੰਦੀਆਂ ਹਨ। ਹੁਣ ਕਰਨਾਟਕ ਰਾਜ ਕ੍ਰਿਕਟ ਸੰਘ (ਕੇਐੱਸਸੀਏ) ਨਾਲ ਜੁੜਿਆ ਇੱਕ ਮਾਮਲਾ ਸਾਹਮਣੇ ਆਇਆ ਹੈ। ਕੇਐੱਸਸੀਏ ਦੇ ਖਿਲਾਫ ਕਬਨ ਪਾਰਕ ਪੁਲਸ ਸਟੇਸ਼ਨ ਵਿੱਚ ਇੱਕ ਐੱਫਆਈਆਰ ਦਰਜ ਕੀਤੀ ਗਈ ਹੈ, ਜਿਸ ਵਿੱਚ ਐਸੋਸੀਏਸ਼ਨ ਨੂੰ ਬਾਸੀ ਭੋਜਨ ਪਰੋਸਣ ਦਾ ਦੋਸ਼ ਲਗਾਇਆ ਗਿਆ ਹੈ। ਇਹ ਘਟਨਾ ਰਾਇਲ ਚੈਲੇਂਜਰਜ਼ ਬੈਂਗਲੁਰੂ ਅਤੇ ਦਿੱਲੀ ਕੈਪੀਟਲਸ ਦੇ ਵਿਚਕਾਰ ਹੋਏ ਮੈਚ ਨਾਲ ਜੁੜੀ ਦੱਸੀ ਜਾ ਰਹੀ ਹੈ, ਜੋ ਬੈਂਗਲੁਰੂ ਦੇ ਐੱਮ ਚਿੰਨਾਸਵਾਮੀ ਸਟੇਡੀਅਮ 'ਚ ਹੋਇਆ ਸੀ। ਇਸ ਮੈਚ ਵਿੱਚ ਆਰਸੀਬੀ ਨੇ 47 ਦੌੜਾਂ ਦੇ ਵੱਡੇ ਫਰਕ ਨਾਲ ਜਿੱਤ ਦਰਜ ਕੀਤੀ ਸੀ। ਆਰਸੀਬੀ ਬਨਾਮ ਡੀਸੀ ਮੈਚ ਐਤਵਾਰ 12 ਮਈ ਨੂੰ ਚਿੰਨਾਸਵਾਮੀ ਸਟੇਡੀਅਮ ਵਿੱਚ ਹੋਇਆ। ਚੈਤੰਨਿਆ ਨਾਂ ਦੇ 23 ਸਾਲਾ ਵਿਅਕਤੀ ਨੇ ਕੇਐੱਸਸੀਏ ਮੈਨੇਜਮੈਂਟ ਬੋਰਡ ਅਤੇ ਕੰਟੀਨ ਮੈਨੇਜਰ 'ਤੇ ਬਾਸੀ ਖਾਣਾ ਪਰੋਸਣ ਦਾ ਦੋਸ਼ ਵੀ ਲਾਇਆ ਹੈ।



ਚੈਤਨਿਆ 12 ਮਈ ਨੂੰ ਆਪਣੇ ਦੋਸਤ ਗੌਤਮ ਨਾਲ ਬੈਂਗਲੁਰੂ ਬਨਾਮ ਦਿੱਲੀ ਮੈਚ ਦੇਖਣ ਲਈ ਮੈਦਾਨ 'ਤੇ ਪਹੁੰਚਿਆ ਸੀ। ਮੈਚ ਦੌਰਾਨ ਦੋਵੇਂ ਦੋਸਤਾਂ ਨੇ ਕੰਟੀਨ 'ਚ ਗੁਲਾਬ ਜਾਮੁਨ, ਚੌਲ ਅਤੇ ਹੋਰ ਕਈ ਚੀਜ਼ਾਂ ਖਾਧੀਆਂ। ਪੁਲਸ ਨੂੰ ਕੀਤੀ ਇਸ ਸ਼ਿਕਾਇਤ ਵਿੱਚ ਚੈਤਨਿਆ ਨੇ ਦਾਅਵਾ ਕੀਤਾ ਹੈ ਕਿ ਖਾਣਾ ਖਾਣ ਤੋਂ ਕੁਝ ਦੇਰ ਬਾਅਦ ਹੀ ਉਸਨੂੰ ਪੇਟ ਵਿੱਚ ਦਰਦ ਹੋਣ ਲੱਗਾ ਸੀ।

ਚੈਤਨਿਆ ਬਾਸੀ ਖਾਣਾ ਖਾਣ ਕਾਰਨ ਬੈਠੇ-ਬੈਠੇ ਬੇਹੋਸ਼ੀ ਦੀ ਹਾਲਾਤ 'ਚ ਚੱਲਿਆ ਗਿਆ। ਉਸ ਨੂੰ ਮੁਢਲੀ ਸਹਾਇਤਾ ਦੀ ਸਹੂਲਤ ਦਿੱਤੀ ਗਈ ਅਤੇ ਮੈਦਾਨ ਦੇ ਬਾਹਰ ਐਂਬੂਲੈਂਸ ਉਪਲਬਧ ਕਰਵਾਈ ਗਈ। ਜਦੋਂ ਉਸਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਤਾਂ ਜਾਂਚ ਵਿੱਚ ਸਾਹਮਣੇ ਆਇਆ ਕਿ ਉਸਨੂੰ ਫੂਡ ਪੁਆਈਜ਼ਨਿੰਗ ਹੋਈ ਸੀ। ਦਾਅਵਾ ਕੀਤਾ ਜਾ ਰਿਹਾ ਹੈ ਕਿ ਕੰਟੀਨ 'ਚ ਖਾਣਾ ਖਾਣ ਕਾਰਨ ਚੈਤਨਿਆ ਦੀ ਤਬੀਅਤ ਵਿਗੜ ਗਈ ਹੈ।

## ਹਾਰਦਿਕ ਪੰਡਯਾ IPL ਆਚਾਰ ਸੰਹਿਤਾ ਦੀ ਉਲੰਘਣਾ ਤਹਿਤ ਮੁਅੱਤਲ, 30 ਲੱਖ ਦਾ ਜੁਰਮਾਨਾ ਵੀ ਲੱਗਾ

ਮੁੰਬਈ ਇੰਡੀਅਨਜ਼ ਦੇ ਕਪਤਾਨ ਹਾਰਦਿਕ ਪੰਡਯਾ ਨੂੰ ਆਈਪੀਐਲ ਦੇ ਇਸ ਸੀਜ਼ਨ ਵਿੱਚ ਹੌਲੀ ਓਵਰਰੇਟ ਦੇ ਤੀਜੇ ਅਪਰਾਧ ਲਈ ਇੱਕ ਮੈਚ ਲਈ ਮੁਅੱਤਲ ਅਤੇ 30 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ। ਮੁੰਬਈ ਦੀ ਇਸ ਸੀਜ਼ਨ ਦੀ ਮੁਹਿੰਮ ਸ਼ੁੱਕਰਵਾਰ ਨੂੰ ਲਖਨਊ ਸੁਪਰ ਜਾਇੰਟਸ ਦੇ ਖਿਲਾਫ ਆਖਰੀ ਲੀਗ ਮੈਚ ਨਾਲ ਖਤਮ ਹੋ ਗਈ, ਮਤਲਬ ਪੰਡਯਾ ਅਗਲੇ ਸੀਜ਼ਨ 'ਚ ਪਹਿਲਾ ਮੈਚ ਨਹੀਂ ਖੇਡ ਸਕੇਗਾ।

ਇੱਕ ਮੀਡੀਆ ਰਿਲੀਜ਼ ਵਿੱਚ ਕਿਹਾ ਗਿਆ ਹੈ, "ਮੁੰਬਈ ਇੰਡੀਅਨਜ਼ ਦੇ ਕਪਤਾਨ ਹਾਰਦਿਕ ਪੰਡਯਾ ਨੂੰ 17 ਮਈ ਨੂੰ ਵਾਨਖੇੜੇ ਸਟੇਡੀਅਮ ਵਿੱਚ ਲਖਨਊ ਸੁਪਰਜਾਇੰਟਸ ਦੇ ਖਿਲਾਫ ਆਈਪੀਐਲ 2024 ਦੇ ਮੈਚ ਦੌਰਾਨ ਹੌਲੀ ਓਵਰਰੇਟ ਲਈ ਜੁਰਮਾਨਾ ਲਗਾਇਆ ਗਿਆ ਹੈ।" ਇਸ 'ਚ ਕਿਹਾ ਗਿਆ ਹੈ, 'ਇਹ ਆਈਪੀਐਲ ਕੋਡ ਆਫ ਕੰਡਕਟ ਦੇ ਤਹਿਤ ਹੌਲੀ ਓਵਰ-ਰੇਟ ਦਾ ਮੁੰਬਈ ਇੰਡੀਅਨਜ਼ ਦਾ ਤੀਜਾ ਅਪਰਾਧ ਸੀ, ਇਸ ਲਈ ਹਾਰਦਿਕ ਪੰਡਯਾ 'ਤੇ 30 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਗਿਆ ਹੈ ਅਤੇ ਅਗਲੇ ਮੈਚ ਲਈ ਮੁਅੱਤਲ ਕਰ ਦਿੱਤਾ ਗਿਆ ਹੈ।'ਇੰਪੈਕਟ ਖਿਡਾਰੀ ਰੋਹਿਤ ਸ਼ਰਮਾ ਸਮੇਤ ਟੀਮ ਦੇ ਬਾਕੀ ਮੈਂਬਰਾਂ 'ਤੇ ਮੈਚ ਫੀਸ ਦਾ 50 ਫੀਸਦੀ ਜਾਂ 12 ਲੱਖ ਰੁਪਏ, ਜੋ ਵੀ ਘੱਟ ਹੋਵੇ, ਜੁਰਮਾਨਾ ਲਗਾਇਆ ਗਿਆ ਹੈ।

ਜ਼ਿਕਰਯੋਗ ਹੈ ਕਿ ਮੁੰਬਈ ਇੰਡੀਅਨਜ਼ ਨੇ ਸੀਜ਼ਨ 'ਚ ਆਪਣਾ 10ਵਾਂ ਮੈਚ ਹਾਰ ਕੇ ਵਿਦਾਈ ਲਈ। ਮੁੰਬਈ ਇਸ ਸੀਜ਼ਨ 'ਚ ਹਾਰਦਿਕ ਪੰਡਯਾ ਦੀ ਕਪਤਾਨੀ 'ਚ 14 'ਚੋਂ ਸਿਰਫ 4 ਮੈਚ ਜਿੱਤ ਸਕੀ। ਮੁੰਬਈ ਨੇ ਇਹ ਜਿੱਤ ਦਿੱਲੀ, ਬੈਂਗਲੁਰੂ, ਪੰਜਾਬ ਅਤੇ ਹੈਦਰਾਬਾਦ ਦੇ ਖਿਲਾਫ ਹਾਸਲ ਕੀਤੀ। ਸ਼ੁੱਕਰਵਾਰ ਨੂੰ ਉਹ ਲਖਨਊ ਸੁਪਰ ਜਾਇੰਟਸ ਦੇ ਸਾਹਮਣੇ ਸੀ ਜਿੱਥੇ ਕੇਐਲ ਰਾਹੁਲ ਦੀ ਕਪਤਾਨੀ ਵਾਲੀ ਟੀਮ ਨੇ ਪਹਿਲਾਂ ਖੇਡਦੇ ਹੋਏ ਛੇ ਵਿਕਟਾਂ ਗੁਆ ਕੇ 214 ਦੌੜਾਂ ਬਣਾਈਆਂ। ਲਖਨਊ ਲਈ ਕੇਐੱਲ ਰਾਹੁਲ ਨੇ 55 ਦੌੜਾਂ ਅਤੇ ਨਿਕੋਲਸ ਪੂਰਨ ਨੇ 29 ਗੇਂਦਾਂ 'ਤੇ 75 ਦੌੜਾਂ ਬਣਾਈਆਂ। ਜਵਾਬ 'ਚ ਮੁੰਬਈ ਲਈ ਰੋਹਿਤ ਸ਼ਰਮਾ ਅਤੇ ਨਮਨ ਧੀਰ ਨੇ ਅਰਧ ਸੈਂਕੜੇ ਲਗਾਏ ਪਰ ਉਹ ਟੀਮ ਨੂੰ ਜਿੱਤ ਵੱਲ ਨਹੀਂ ਲੈ ਜਾ ਸਕੇ। ਮੁੰਬਈ ਨੂੰ ਸੂਰਿਆਕੁਮਾਰ 0, ਈਸ਼ਾਨ ਕਿਸ਼ਨ 14, ਹਾਰਦਿਕ ਪੰਡਯਾ 16 ਦੀ ਛੋਟੀਆਂ ਪਾਰੀਆਂ ਦਾ ਖਮਿਆਜ਼ਾ ਭੁਗਤਨਾ ਪਿਆ। ਉਹ ਇਹ ਮੈਚ 18 ਦੌੜਾਂ ਨਾਲ ਹਾਰ ਗਏ ਸਨ।



# ਤੂਫਾਨੀ ਤੇਜ਼ੀ ਨਾਲ ਦੌੜੇਗਾ ਭਾਰਤ! ਸੰਯੁਕਤ ਰਾਸ਼ਟਰ ਨੇ ਬਦਲਿਆ ਵਾਧਾ ਦਰ ਦਾ ਅੰਦਾਜ਼ਾ



ਭਾਰਤ ਦੀ ਅਰਥਵਿਵਸਥਾ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਹੁਣ ਸੰਯੁਕਤ ਰਾਸ਼ਟਰ ਨੇ ਭਾਰਤੀ ਅਰਥਵਿਵਸਥਾ ਦੀ ਵਾਧਾ ਦਰ ਦੇ ਅੰਦਾਜ਼ਿਆਂ ਨੂੰ ਸੋਧਿਆ ਹੈ, ਜਿਸ ਮੁਤਾਬਿਕ ਭਾਰਤੀ ਅਰਥਵਿਵਸਥਾ ਸਾਲ 2024 ’ਚ ਕਰੀਬ 7 ਫੀਸਦੀ ਦੀ ਦਰ ਨਾਲ ਵਧੇਗੀ। ਸੰਯੁਕਤ ਰਾਸ਼ਟਰ ਦਾ ਕਹਿਣਾ ਹੈ ਕਿ ਮਜ਼ਬੂਤ ਜਨਤਕ ਨਿਵੇਸ਼ ਅਤੇ ਲਚੀਲੀ ਨਿਜੀ ਖਪਤ ਕਾਰਨ ਭਾਰਤੀ ਅਰਥਵਿਵਸਥਾ ਤੂਫਾਨੀ ਤੇਜ਼ੀ ਨਾਲ ਦੌੜੇਗੀ। ਸੰਯੁਕਤ ਰਾਸ਼ਟਰ ਨੇ 2024 ਦੇ ਮੱਧ ਤੱਕ ਵਿਸ਼ਵ ਆਰਥਿਕ ਸਥਿਤੀ ਅਤੇ ਸੰਭਾਵਨਾਵਾਂ ’ਤੇ ਰਿਪੋਰਟ ਜਾਰੀ ਕੀਤੀ ਹੈ।ਸੰਯੁਕਤ ਰਾਸ਼ਟਰ ਦੀ ਰਿਪੋਰਟ ਅਨੁਸਾਰ ਵਿਸ਼ਵ ਅਰਥਵਿਵਸਥਾ 2024 ’ਚ 2.7 ਫੀਸਦੀ ਵਧਣ ਦਾ ਅੰਦਾਜ਼ਾ ਹੈ। ਇਹ ਅਮਰੀਕਾ ਅਤੇ ਬ੍ਰਾਜ਼ੀਲ, ਭਾਰਤ ਅਤੇ ਰੂਸ ਸਣੇ ਕਈ ਉੱਭਰਦੀਆਂ ਅਰਥਵਿਵਸਥਾਵਾਂ ’ਚ ਵਧੀਆ ਪ੍ਰਦਰਸ਼ਨ ਵੱਲ ਵੀ ਇਸ਼ਾਰਾ ਕਰਦਾ ਹੈ। ਭਾਰਤੀ ਅਰਥਵਿਵਸਥਾ ਲਈ ਅਗਾਊਂ ਅਨੁਮਾਨ ਹੈ ਕਿ ਇਹ ਸਾਲ 2024 ’ਚ 6.9 ਫੀਸਦੀ ਦੀ ਵਾਧਾ ਦਰ ਨਾਲ ਵਧੇਗੀ ਅਤੇ 2025 ’ਚ ਇਹ ਵਾਧਾ ਦਰ 6.6 ਫੀਸਦੀ ਤੱਕ ਵਧਣ ਦਾ ਅੰਦਾਜ਼ਾ ਜਤਾਇਆ ਹੈ। ਰਿਪੋਰਟ ਮੁਤਾਬਿਕ, ਬਾਹਰੀ ਮੰਗ ’ਚ ਕਮੀ ਨਾਲ ਵਪਾਰਕ ਬਰਾਮਦ ਵਾਧੇ ’ਤੇ ਅਸਰ ਪੈਂਦਾ ਰਹੇਗਾ ਪਰ ਫਾਰਮਾਸਿਊਟੀਕਲ ਅਤੇ ਰਸਾਇਣ ਬਰਾਮਦ ’ਚ ਜ਼ੋਰਦਾਰ ਵਾਧਾ ਹੋਣ ਦੀ ਉਮੀਦ ਹੈ। ਸੰਯੁਕਤ ਰਾਸ਼ਟਰ ਦਾ ਕਹਿਣਾ ਹੈ ਕਿ ਮਜ਼ਬੂਤ ਘਰੇਲੂ ਮੰਗ ਅਤੇ ਮੈਨੂਫੈਕਚਰਿੰਗ ਅਤੇ ਸਰਵਿਸ ਸੈਕਟਰ ’ਚ ਵੀ ਮਜ਼ਬੂਤ ਵਿਕਾਸ ਦਾ ਭਾਰਤ ਨੂੰ ਫਾਇਦਾ ਮਿਲਿਆ ਹੈ। ਚੀਨ ਲਈ ਇਸ ’ਚ ਮਾਮੂਲੀ ਵਾਧਾ ਕੀਤਾ ਗਿਆ ਹੈ। ਹੁਣ ਚੀਨ ਦੀ 2024 ’ਚ ਵਾਧਾ ਦਰ 4.8 ਫੀਸਦੀ ਰਹਿਣ ਦੀ ਉਮੀਦ ਹੈ, ਜਿਸ ਦੀ ਜਨਵਰੀ ’ਚ 4.7 ਫੀਸਦੀ ਰਹਿਣ ਦਾ ਅੰਦਾਜ਼ਾ ਲਾਇਆ ਗਿਆ ਸੀ। ਚੀਨ ਦਾ ਵਾਧਾ ਦਰ 2023 ਦੀ 5.2 ਫੀਸਦੀ ਦਰ ਤੋਂ ਘਟਾ ਕੇ 2024 ’ਚ 4.8 ਫੀਸਦੀ ਰਹਿਣ ਦਾ ਅੰਦਾਜ਼ ਹੈ।

# ਅਫਗਾਨਿਸਤਾਨ 'ਚ ਗੋਲੀਬਾਰੀ 'ਚ ਤਿੰਨ ਵਿਦੇਸ਼ੀ ਨਾਗਰਿਕਾਂ ਸਣੇ ਚਾਰ ਲੋਕਾਂ ਦੀ ਮੌਤ



ਮੱਧ ਅਫਗਾਨਿਸਤਾਨ 'ਚ ਸ਼ੁੱਕਰਵਾਰ ਦੇਰ ਸ਼ਾਮ ਕਈ ਬੰਦੂਕਧਾਰੀਆਂ ਦੀ ਗੋਲੀਬਾਰੀ 'ਚ ਤਿੰਨ ਵਿਦੇਸ਼ੀ ਨਾਗਰਿਕਾਂ ਸਮੇਤ ਘੱਟੋ-ਘੱਟ ਚਾਰ ਲੋਕਾਂ ਦੀ ਮੌਤ ਹੋ ਗਈ। ਤਾਲਿਬਾਨ ਦੇ ਬੁਲਾਰੇ ਨੇ ਇਹ ਜਾਣਕਾਰੀ ਦਿੱਤੀ।


ਬੁਲਾਰੇ ਨੇ ਦੱਸਿਆ ਕਿ ਬਾਮਿਯਾਨ ਸੂਬੇ 'ਚ ਗੋਲੀਬਾਰੀ ਦੀ ਘਟਨਾ ਦੇ ਸਬੰਧ 'ਚ ਚਾਰ ਸ਼ੱਕੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਹਾਲਾਂਕਿ, ਕਿਸੇ ਵੀ ਸੰਗਠਨ ਨੇ ਤੁਰੰਤ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ। ਤਾਲਿਬਾਨ ਦੇ ਗ੍ਰਹਿ ਮੰਤਰਾਲੇ ਦੇ ਬੁਲਾਰੇ ਅਬਦੁਲ ਮਤੀਨ ਕਾਨੀ ਮੁਤਾਬਕ ਹਮਲੇ 'ਚ ਚਾਰ ਵਿਦੇਸ਼ੀ ਨਾਗਰਿਕਾਂ ਸਮੇਤ ਸੱਤ ਹੋਰ ਲੋਕ ਜ਼ਖਮੀ ਹੋ ਗਏ।

# ਸੰਘੀ ਅਧਿਕਾਰੀ ਨੈਨਸੀ ਪੇਲੋਸੀ ਦੇ ਪਤੀ 'ਤੇ ਹਮਲਾ ਕਰਨ ਵਾਲੇ ਵਿਅਕਤੀ ਨੂੰ 30 ਸਾਲ ਦੀ ਕੈਦ



ਸੰਘੀ ਅਧਿਕਾਰੀ ਨੂੰ ਅਗਵਾ ਕਰਨ ਦੀ ਕੋਸ਼ਿਸ਼ ਕਰਨ ਅਤੇ ਇੱਕ ਸੰਘੀ ਅਧਿਕਾਰੀ ਦੇ ਪਤੀ 'ਤੇ ਹਮਲਾ ਕਰਨ ਦੇ ਦੋਸ਼ ਹੇਠ ਅਦਾਲਤ ਨੇ ਸੰਘੀ ਦੋਸ਼ਾਂ ਤਹਿਤ ਡੇਵਿਡ ਡੀਪੇਪ ਨਾਮਕ 44 ਸਾਲਾ ਵਿਅਕਤੀ ਨੂੰ ਦੋਸ਼ੀ ਠਹਿਰਾਇਆ ਹੈ। ਯੂਐਸ ਅਟਾਰਨੀ ਇਸਮਾਈਲ ਜੇ. ਰਾਮਸੇ ਨੇ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ , "ਅਸੀਂ ਜਿਊਰੀ ਦੇ ਵਿਚਾਰ-ਵਟਾਂਦਰੇ ਅਤੇ ਨਿਆਂ ਲਈ ਧੰਨਵਾਦੀ ਹਾਂ ਜੋ ਦੋਸ਼ੀ ਨੂੰ ਇਹ ਸ਼ਜਾ ਦਾ ਫੈਸਲਾ ਸੁਣਾਇਆ ਗਿਆ ਹੈ।

ਦੱਸਣਯੋਗ ਹੈ ਕਿ ਡੇਵਿਡ ਡੀਪੇਪ ਨਾਮੀ ਇਕ ਵਿਅਕਤੀ ਨੇ 28 ਅਕਤੂਬਰ, 2022 ਨੂੰ ਸੈਨ ਫਰਾਂਸਿਸਕੋ ਕੈਲੀਫੋਰਨੀਆ ਵਿੱਚ ਇਕ ਜੋੜੇ ਦੇ ਘਰ ਵਿੱਚ ਦਾਖਲ ਹੋਇਆ।ਜਿੱਥੇ ਉਸਨੇ 82 ਸਾਲਾ ਪਾਲ ਪੇਲੋਸੀ ਜੋ ਨੈਨਸੀ ਪੇਲੋਸੀ ਦੇ ਪਤੀ 'ਤੇ ਹਥੌੜੇ ਨਾਲ ਹਮਲਾ ਕੀਤਾ, ਜੋ ਕਿ ਪੁਲਸ ਬਾਡੀ ਕੈਮਰੇ ਵਿੱਚ ਕੈਦ ਹੋ ਗਿਆ। ਹਮਲਾਵਰ ਡੇਵਿਡ ਡੀਪੇਪ ਉਸ ਦੇ ਘਰ ਵਿੱਚ ਦਾਖਲ ਹੋਇਆ ਸੀ ਜਿਸ ਨੇ ਨੈਨਸੀ ਪੇਲੋਸੀ ਨੂੰ ਮਿਲਣ ਦੀ ਮੰਗ ਕੀਤੀ, ਜੋ ਉਸ ਸਮੇਂ ਸਦਨ ਦੀ ਸਪੀਕਰ ਸੀ। ਜਦੋਂ ਹਮਲਾ ਹੋਇਆ ਤਾਂ ਉਹ ਉਸ ਵਕਤ ਘਰ ਵਿੱਚ ਨਹੀਂ ਸੀ।ਪਾਲ ਪੇਲੋਸੀ 'ਤੇ ਹਥੌੜੇ ਨਾਲ ਹਮਲਾ ਕਰਨ ਵਾਲੇ ਦੋਸ਼ੀ ਵਿਅਕਤੀ ਨੂੰ ਸ਼ੁੱਕਰਵਾਰ ਨੂੰ ਅਦਾਲਤ ਨੇ 30 ਸਾਲ ਦੀ ਸਜ਼ਾ ਸੁਣਾਈ ਗਈ।ਹਮਲਾਵਰ ਦੋਸ਼ੀ ਡੀਪੇਪ ਨੇ ਮੁਕੱਦਮੇ ਦੀ ਗਵਾਹੀ ਦੌਰਾਨ ਮੰਨਿਆ ਕਿ ਜੇਕਰ ਨੈਨਸੀ ਪੇਲੋਸੀ ਉਸ ਨੂੰ ਘਰ ਵਿਚ ਉਸ ਸਮੇਂ ਮਿਲ ਜਾਂਦੀ ਤਾਂ ਉਹ ਇਸ ਨੂੰ ਬੰਧਕ ਬਣਾਉਣਾ ਚਾਹੁੰਦਾ ਸੀ ਅਤੇ "ਉਸ ਦੇ ਗੋਡੇ ਵੀ ਤੋੜਨਾ" ਚਾਹੁੰਦਾ ਸੀ। ਉਸ ਦੇ ਵਕੀਲਾਂ ਨੇ ਕਿਹਾ ਦੋਸ਼ੀ ਦੀਆਂ ਕਾਰਵਾਈਆਂ ਸਿਆਸੀ ਵਿਸ਼ਵਾਸਾਂ ਅਤੇ ਸਾਜ਼ਿਸ਼ ਦੇ ਸਿਧਾਂਤਾਂ ਤੋਂ ਪ੍ਰੇਰਿਤ ਸਨ।



# ਭਾਈ ਨੰਦ ਲਾਲ ਜੀ ਗੋਇਆ ਦੀ ਜੀਵਨੀ

ਇਨ੍ਹਾ ਦਾ ਜਨਮ 1633 ਈਸਵੀ ਨੂੰ ਗਜਨੀ ਵਿਚ ਛੱਜੂ ਰਾਮ ਖਤ੍ਰੀ ਦੇ ਘਰ ਹੋਇਆ 1 ਛੱਜੂ ਰਾਮ ਆਪ ਵੀ ਅਰਬੀ ਤੇ ਫ਼ਾਰਸੀ ਦੇ ਬਹੁਤ ਵਡੇ ਤੇ ਪ੍ਰਸਿਧ ਵਿਦਵਾਨ ਸੀ 1ਉਸ ਨੇ ਆਪਣੇ ਪਿਤਾ ਤੋਂ ਸੰਸਕ੍ਰਿਤ, ਹਿੰਦੀ, ਅਰਬੀ ਅਤੇ ਫ਼ਾਰਸੀ ਸਿੱਖੀ ਤੇ ਬਾਅਦ ਵਿਚ ਅਰਬੀ ਤੇ ਫ਼ਾਰਸੀ ਦੀ ਉਚ ਵਿਦਿਆ ਵੀ ਪ੍ਰਾਪਤ ਕੀਤੀ । ਜ਼ਰੀਆ-ਮੁਆਸ਼ ਦੀ ਤਲਾਸ਼ ਵਿਚ ਉਹ ਆਪਣਾ ਵਤਨ ਮੁਲਤਾਨ (ਪੰਜਾਬ) ਛੱਡ ਕੇ ਗਜਨੀ (ਅਫ਼ਗਾਨਿਸਤਾਨ) ਵਿਚ ਜਾ ਵੱਸੇ। ਉਨ੍ਹਾਂ ਦੀ ਯੋਗਤਾ ਅਤੇ ਫ਼ਾਰਸੀ ਦੇ ਗਿਆਨ ਦੀ ਤਾਰੀਫ਼ ਸੁਣ ਕੇ ਉਥੋਂ ਦੇ ਹਾਕਮ ਨਵਾਬ ਮੁਅੱਯੂਦੀਨ ਨੇ ਉਨ੍ਹਾਂ ਨੂੰ ਆਪਣਾ ਮੀਰ ਮੁਨਸ਼ੀ (ਦੀਵਾਨ) ਮੁਕੱਰਰ ਕਰ ਦਿੱਤਾ। ਇਥੇ ਹੀ ਭਾਈ ਨੰਦ ਲਾਲ ਦਾ ਜਨਮ ਹੋਇਆ । ਜਦ ਉਹ 12 ਸਾਲ ਤੇ ਹੋਏ ਤਾਂ ਰਸਮ ਅਨੁਸਾਰ ਰਾਮਾਨੰਦੀ ਬੈਰਾਗੀਆਂ ਦੇ ਕੁਲਗੁਰੂ ਨੇ ਭਾਈ ਸਾਹਿਬ ਦੇ ਗਲ ਵਿਚ ਕਾਠ ਦੇ ਮਣਕਿਆਂ ਦੀ ਕੰਠੀ ਪਾਉਣੀ ਚਾਹੀ ਤਾਂ ਬਾਲਕ ਨੰਦ ਲਾਲ ਨੇ ਪੂਰੇ ਅਦਬ ਨਾਲ ਇਸ ਕੰਠੀ ਨੂੰ ਗ੍ਰਹਿਣ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਤਾਂ ਉਨ੍ਹਾਂ ਤਸ਼ਰੀਹੀ ਵਜਾਹਤ ਨਾਲ ਆਖਿਆ ਕਿ ‘ਧਰਮ ਤੇ ਆਤਮਿਕ ਮਾਰਗ ਦੀ ਚੋਣ ਮੇਰੇ ਲਈ ਕੋਈ ਰਸਮੀ ਬੰਧਨ ਨਹੀਂ, ਮੈਂ ਆਤਮਿਕ ਸੁਰਤੀ ਦੀ ਪ੍ਰਵਾਜ਼ ਰਾਹੀਂ ਆਪਣੇ ਧਰਮ ਗੁਰੂ ਦੀ ਤਲਾਸ਼ ਖੁਦ ਕਰਾਂਗਾ। ਕਿਸੇ ਨੂੰ ਕੀ ਪਤਾ ਸੀ ਕਿ ਜਿਸ ਕਾਮਲ ਮੁਰਸ਼ਦ ਦੀ ਤਲਾਸ਼ ਬਾਲਕ ਨੰਦ ਲਾਲ ਨੂੰ ਹੈ, ਉਹ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਨ।

ਜਦੋਂ ਉਹ ਸਤਾਰਾਂ ਸਾਲ ਦੇ ਹੋਏ ਤਾਂ ਉਨ੍ਹਾਂ ਦੇ ਮਾਤਾ ਜੀ ਅਤੇ ਉਸਤੋਂ ਦੋ ਸਾਲ ਬਾਦ ਉਨ੍ਹਾਂ ਦੇ ਪਿਤਾ ਜੀ ਦਾ ਦੇਹਾਂਤ ਹੋ ਗਿਆ । ਪਿਤਾ ਦੀ ਮੋਤ ਤੋਂ ਬਾਅਦ ਭਾਈ ਨੰਦ ਲਾਲ ਜੀ ਪੰਜਾਬ ਮੁੜ ਆਏ ਅਤੇ ਮੁਲਤਾਨ ਵਿਚ ਰਹਿਣ ਲੱਗੇ । ਭਾਈ ਸਾਹਿਬ ਦੀ ਵਿਦਵਤਾ ਅਤੇ ਯੋਗਤਾ ਦੀ ਖ਼ਬਰ, ਗਲੀ-ਕੂਚੇ ਹੁੰਦੀ ਹੋਈ ਜਦੋਂ ਮੁਲਤਾਨ ਦੇ ਹਾਕਮ ਤੱਕ ਪਹੁੰਚੀ, ਤਦ ਮੁਲਤਾਨ ਦੇ ਹਾਕਮ ਨੇ ਖੁਦ ਭਾਈ ਸਾਹਿਬ ਨੂੰ ਆਪਣੇ ਦਰਬਾਰ ਵਿਚ ਬੁਲਾ ਕੇ, ਆਪਣੇ ਮੀਰ ਮੁਨਸ਼ੀ (ਦੀਵਾਨ) ਦੀ ਪਦਵੀ ‘ਤੇ ਮੁਕੱਰਰ ਕਰ ਦਿੱਤਾ, ਜੋ ਭਾਈ ਸਾਹਿਬ ਨੇ ਪੂਰੀ ਇਮਾਨਦਾਰੀ ਅਤੇ ਯੋਗਤਾ ਨਾਲ ਪੂਰੇ 6 ਸਾਲ ਤੱਕ ਨਿਭਾਈ। ਕੁਝ ਸਮਾ ਪਾਕੇ ਭਾਈ ਨੰਦ ਲਾਲ ਆਗਰਾ ਚਲੇ ਗਏ, ਜਿੱਥੇ ਆਪ ਔਰੰਗਜ਼ੇਬ ਦੇ ਵੱਡੇ ਸ਼ਹਿਜ਼ਾਦੇ ਮੁਅੱਜ਼ਮ (ਬਹਾਦਰ ਸ਼ਾਹ) ਦੇ ਮੀਰ ਮੁਨਸ਼ੀ ਨਿਯੁਕਤ ਹੋ ਗਏ। ਸ਼ਹਿਜ਼ਾਦਾ ਮੁਅੱਜ਼ਮ ਆਪ ਦੇ ਦੈਵੀ ਗੁਣਾਂ ਅਤੇ ਵਿਦਵਤਾ ਦਾ ਮੁਰੀਦ ਹੋ ਗਿਆ ਤੇ ਅਖੀਰ ਨੂੰ ਇਹ ਗੁਣ ਅਤੇ ਸ਼ੋਭਾ ਹੀ ਉਨ੍ਹਾਂ ਲਈ ਵੱਡੀ ਮੁਸੀਬਤ ਦਾ ਕਾਰਨ ਬਣ ਗਈ ਜਿਸ ਕਰਕੇ ਉਨ੍ਹਾ ਨੂੰ ਰਾਤੋ -ਰਾਤ ਨਸ ਕੇ ਆਨੰਦਪੁਰ ਸਾਹਿਬ ਜਾਣਾ ਪਿਆ 1 ਭਾਈ ਨੰਦ ਲਾਲ ਜੀ ਨੇ ‘ਗੋਇਆ’ ਦੇ ‘ਤਖੱਲਸ’ ਨਾਲ 12 ਸਾਲ ਦੀ ਉਮਰ ਚ ਫ਼ਾਰਸੀ ਕਵਿਤਾ ਲਿਖਣਾ ਸ਼ੁਰੂ ਕਰ ਦਿੱਤਾ। ਨੰਦ ਲਾਲ ਗੁਰੂ ਸਾਹਿਬ ਦੇ ਦਰਬਾਰ ਦੇ 52 ਕਵੀਆਂ ਵਿਚੋਂ ਇਕ ਸੀ । ਕਵਿਤਾ ਰਾਹੀਂ ਸਿਖ ਧਰਮ ਨੂੰ ਪੇਸ਼ ਕਰਕੇ ਗੁਰੂ ਸਾਹਿਬ ਨੇ ਗੋਯਾ ਦੇ ਬੰਦਗੀ ਨਾਮਾ ਨੂੰ ਜਿੰਦਗੀ ਨਾਮਾ ਦਾ ਨਾਮ ਦਿਤਾ1ਇਨ੍ਹਾ ਦਾ ਵਿਆਹ ਇਕ ਸ਼ਰਧਾਲੂ ਸਿਖ ਘਰਾਣੇ ਵਿਚ ਹੋਇਆ ਜਿਸਤੋਂ ਪ੍ਰੇਰਿਤ ਹੋਕੇ ਆਪ ਸਿਰਫ ਸਿਖ ਧਰਮ ਦੇ ਸ਼ਰਧਾਲੂ ਹੀ ਨਹੀਂ ਬਲਿਕ ਪੂਰੇ ਤੋਰ ਤੇ ਗੁਰਮਤਿ ਦੇ ਕਾਇਲ ਹੋ ਗਏ । ਆਪ ਦੇ ਘਰ ਦੋ ਪੁੱਤਰਾਂ ਨੇ ਜਨਮ ਲਿਆ, ਜਿਨ੍ਹਾਂ ਦੇ ਨਾਂ ਲਖਪਤ ਰਾਇ ਤੇ ਲੀਲਾ ਰਾਮ ਰੱਖੇ ਗਏ। ਨੰਦ ਲਾਲ ਗੁਰੂ ਸਾਹਿਬ ਦੇ ਦਰਬਾਰ ਦੇ 52 ਕਵੀਆਂ ਵਿਚੋਂ ਇਕ ਸੀ । ਕਵਿਤਾ ਰਾਹੀਂ ਸਿਖ ਧਰਮ ਨੂੰ ਪੇਸ਼ ਕਰਕੇ ਗੁਰੂ ਸਾਹਿਬ ਨੇ ਗੋਯਾ ਦੇ “ਬੰਦਗੀ ਨਾਮਾ” ਨੂੰ” ਜਿੰਦਗੀ ਨਾਮਾ” ਦਾ ਨਾਮ ਦਿਤਾ ।

ਗੁਰਮਤਿ ਦੇ ਇਤਿਹਾਸ ਵਿਚ ਭਾਈ ਨੰਦ ਲਾਲ ਜੀ ਦੀ ਖਾਸ ਜਗਹ ਹੈ ।ਇਹ ਇਸਲਾਮੀ ਵਿਦਿਅਕ ਤੇ ਧਾਰਮਿਕ ਪਰੰਪਰਾਵਾਂ ਥਲੇ ਪਲੇ ਪੜੇ ਤੇ ਪ੍ਰਵਾਨ ਚੜੇ । ਇਸਲਾਮੀ ਤੱਸਵਫ਼ ਦਾ ਰੰਗ ਇਨ੍ਹਾ ਦੇ ਉਪਰ ਸਪਸ਼ਟ ਚੜ੍ਹਿਆ ਦਿਖਦਾ ਸੀ । ਇਹ ਫ਼ਾਰਸੀ ਤੇ ਅਰਬੀ ਦੇ ਬਹੁਤ ਵਡੇ ਵਿਦਵਾਨ ਸਨ । ਉਹ ਕੁਰਾਨ ਸ਼ਰੀਫ਼ ਸਿਰਫ ਪੜਨਾ ਹੀ ਨਹੀਂ ਸੀ ਜਾਣਦੇ ਬਲਿਕ ਉਸਦੀ ਸਹੀ ਤਦਸੀਰ ਕਰਨ ਵਿਚ ਵਡੇ ਵਡੇ ਮੌਲਵੀਆਂ ਨੂੰ ਵੀ ਚਕਿਤ ਕਰ ਦਿੰਦੇ ਸਨ ਜੋ ਬਾਅਦ ਵਿਚ ਔਰੰਗਜ਼ਬ ਦੇ ਦਰਬਾਰ ਵਿਚੋਂ ਉਨ੍ਹਾ ਦੇ ਭਜਣ ਦਾ ਕਾਰਣ ਬਣਿਆ । ਔਰੰਗਜ਼ੇਬ ਇਸ ਨੂੰ ਮੁਸਲਮਾਨਾਂ ਦੀ ਕਤਾਰ ਵਿਚ ਖੜੇ ਹੋਏ ਵੇਖਣਾ ਚਾਹੁੰਦਾ ਸੀ ਜੋ ਨੰਦ ਲਾਲ ਨੂੰ ਮਨਜ਼ੂਰ ਨਹੀਂ ਸੀ ।

ਕਿਸੇ ਵਕ਼ਤ ਇਹ ਔਰੰਗਜ਼ੇਬ ਦੇ ਪੁਤਰ ਮੁਆਜਮ ,ਬਹਾਦੁਰ ਸ਼ਾਹ ਨੂੰ ਫਾਰਸੀ ਪੜਾਂਦਾ ਸੀ । ਇਕ ਵਾਰੀ ਫ਼ਾਰਸੀ ਦੀ ਚਿਠੀ ਦਾ ਤਜ਼ਰੁਮਾ ਕਰਣ ਲਈ ਓਹ ਔਰੰਗਜ਼ੇਬ ਦੇ ਦਰਬਾਰ ਵਿਚ ਆਇਆ ਉਸ ਨੇ ਚਿਠੀ ਦਾ ਤਜਰਮਾ ਇਤਨਾ ਸੋਹਣੇ ਢੰਗ ਨਾਲ ਕੀਤਾ ਕਿ ਔਰੰਗਜ਼ੇਬ ਨੇ ਕੰਨਾ ਨੂੰ ਹਥ ਲਗਾਏ । ਦਰਬਾਰੀਆਂ ਤੋ ਇਸਦਾ ਦਾ ਨਾਂ ਪੁਛਿਆ । ਜਦ ਔਰੰਗਜ਼ੇਬ ਨੂੰ ਪਤਾ ਚਲਿਆ ਕੀ ਇਹ ਹਿੰਦੂ ਹੈ ਤਾਂ ਉਸਨੇ ਦਰਬਾਰੀਆਂ ਨੂੰ ਹਿਤਾਇਤ ਦਿਤੀ ਕਿ ਜਾਂ ਤਾ ਇਸ ਨੂੰ ਦੀਨ-ਏ-ਇਸਲਾਮ ਵਿਚ ਲੈ ਆਉ ਜਾ ਇਸਦਾ ਕਤਲ ਕਰ ਦਿਉ । ਉਸ ਕੋਲੋਂ ਬਰਦਾਸ਼ਤ ਨਹੀਂ ਹੋਇਆ ਕਿ ਇਤਨਾ ਕਾਬਿਲ ਇਨਸਾਨ ਕਿਸੇ ਦੂਸਰੇ ਮਹਜਬ ਦੀ ਸ਼ਾਨ ਹੋਵੇ । ਇਹ ਗਲ ਔਰੰਗਜ਼ੇਬ ਦੇ ਬੇਟੇ ਤਕ ਵੀ ਪਹੁੰਚ ਗਈ । ਉਸਨੇ ਨੰਦ ਲਾਲ ਨੂੰ ਦਸਿਆ। ਨੰਦ ਲਾਲ ਘਬਰਾ ਗਿਆ ਤੇ ਪੁਛਣ ਲਗਾ ਕੀ ਮੈਨੂੰ ਆਪਣੀ ਜਾਨ ਤੇ ਧਰਮ ਦੋਨੋ ਪਿਆਰੇ ਹਨ , ਐਸੀ ਕਿਹੜੀ ਥਾਂ ਹੈ ਜਿਥੇ ਮੈਂ ਦੋਨੋ ਨੂੰ ਬਚਾ ਸਕਾਂ 1 ਤਾਂ ਔਰੰਗਜ਼ੇਬ ਦੇ ਪੁਤਰ ਨੇ ਕਿਹਾ ਕੀ ਜੇ ਤੂੰ ਆਪਣੇ ਜਾਨ ਤੇ ਧਰਮ ਦੀ ਸਲਾਮਤੀ ਚਾਹੁੰਦਾ ਹੈ ਤਾਂ ਆਨੰਦਪੁਰ ਚਲਾ ਜਾ 1 ਨੰਦ ਲਾਲ ਰਾਤੋ ਰਾਤ ਆਪਣੇ ਮੁਸਲਮਾਨ ਪ੍ਰਬੰਧਕ ਤੇ ਅਨੁਯਾਈ ਦੀ ਮਦਤ ਨਾਲ ਆਗਰੇ ਦੇ ਕਿਲੇ ਤੋਂ ਬਚ ਨਿਕਲਿਆ ਤੇ ਅਨੰਦ ਪੁਰ ਸਾਹਿਬ ਜਾ ਪੁਜਾ ।

ਗੁਰੂ ਸਾਹਿਬ ਇਸਦੀ ਵਿਦਵਤਾ ਦੇਖ ਕੇ ਬੜੇ ਖੁਸ਼ ਹੋਏ । ਪਰ ਕਿਤੇ ਹੰਕਾਰ ਨਾ ਹੋ ਜਾਏ ਇਸ ਲਈ ਇਸ ਨੂੰ ਲੰਗਰ ਦੇ ਭਾਂਡੇ ਮਾਂਜਣ ਦੀ ਸੇਵਾ ਤੇ ਲਗਾ ਦਿਤਾ । ਨੰਦ ਲਾਲ ਨੂੰ ਇਹ ਸੇਵਾ ਚੰਗੀ ਨਾ ਲਗੀ । ਬੜਾ ਹੈਰਾਨ ਹੋਕੇ ਸੋਚਣ ਲਗਾ ਕੀ ਇਹਨਾ ਨੂੰ ਤਾਂ ਮੈਨੂੰ ਕਵਿਤਾਂ ਜਾ ਕੁਝ ਲਿਖਿਆ ਸੁਣਾਣ ਵਾਸਤੇ ਕਹਿਣਾ ਚਾਹੀਦਾ ਸੀ , ਭਾਂਡੇ ਮਾਜਣ ਤੇ ਲਗਾ ਦਿਤਾ ਹੈ । ਖੈਰ ਹੁਕਮ ਤਾਂ ਮੰਨਣਾ ਹੀ ਪੈਣਾ ਸੀ । ਭਾਡੇ ਮਾਂਜਦਿਆਂ ਮਾਂਜਦਿਆਂ ਮਨ ਦਾ ਹੰਕਾਰ ਵੀ ਹੋਲੀ ਹੋਲੀ ਸਾਫ਼ ਹੁੰਦਾ ਗਿਆ । ਕੁਝ ਚਿਰ ਮਗਰੋ ਲੰਗਰ ਦੀ ਸ਼ਾਖ ਦਾ ਮੁਖੀ ਬਣਾ ਦਿਤਾ ਗਿਆ ।

ਇਕ ਦਿਨ ਗੁਰੂ ਸਾਹਿਬ ਨੇ ਲੰਗਰ ਦੇ ਪ੍ਰਬੰਧ ਦਾ ਨਰੀਖਸ਼ਣ ਕਰਨ ਦਾ ਸੋਚਿਆ , ਭੇਸ ਬਦਲ ਕੇ ਸਭ ਦੇ ਲੰਗਰ-ਖਾਨਿਆ ਵਿਚ ਗਏ ਤੇ ਕਿਹਾ ,” ਮੈਂ ਦੋ ਦਿਨ ਦਾ ਭੁਖਾ ਹਾਂ ਬੜੀ ਦੂਰੋਂ ਚਲ ਕੇ ਆਇਆ ਹਾਂ ਭੁਖ ਲਗੀ ਹੈ ਕੁਝ ਖਾਣ ਨੂੰ ਦੇ ਦਿਓ ” । ਲੰਗਰ ਦਾ ਵਕਤ ਨਹੀਂ ਸੀ ,ਹਰ ਇਕ ਮੁਖੀਏ ਨੇ ਕਹਿ ਦਿਤਾ ਕੀ ਅਜੇ ਲੰਗਰ ਦਾ ਵਕਤ ਨਹੀਂ ਹੋਇਆ , ਲੰਗਰ ਤਿਆਰ ਨਹੀਂ ਹੈ , ਕੁਝ ਚਿਰ ਬਾਅਦ ਵਿਚ ਆਣਾ । ਫਿਰ ਭਾਈ ਨੰਦ ਲਾਲ ਦੇ ਲੰਗਰ ਵਿਚ ਗਏ ਤੇ ਬੋਲੇ ਮੈਂ ਬੜੀ ਦੂਰੋਂ ਚਲ ਕੇ ਆਇਆ ਹਾਂ ਥਕਿਆ ਹੋਇਆਂ ਹਾਂ ਦੋ ਦਿਨ ਤੋਂ ਕੁਝ ਖਾਧਾ ਨਹੀ, ਕੁਝ ਖਾਣ ਨੂੰ ਹੈ ਤਾਂ ਦੇ ਦਿਉ । ਨੰਦ ਲਾਲ ਬੜੇ ਪਿਆਰ ਸਤਕਾਰ ਨਾਲ ਉਨਾ ਨੂੰ ਮੰਜੇ ਤੇ ਬਿਠਾਇਆ , ਥਕਾਨ ਉਤਾਰਨ ਲਈ ਗਰਮ ਪਾਣੀ ਨਾਲ ਉਨਾ ਦੇ ਪੈਰ ਧੋਤੇ ਤੇ ਬੋਲੇ ਤੁਸੀਂ ਥੋੜਾ ਆਰਾਮ ਕਰੋ ਮੈਂ ਹੁਣੇ ਕੁਝ , ਜੋ ਵੀ ਜਲਦੀ ਜਲਦੀ ਬਣ ਸਕਦਾ ਹੈ ਲੈਕੇ ਆਂਦਾ ਹਾਂ । ਜੋ ਕੁਝ ਬਣਿਆ ਲੈਕੇ ਆਏ ਬੜੇ ਪਿਆਰ ਸਤਕਾਰ ਨਾਲ ਖੁਆਇਆ । ਗੁਰੂ ਸਾਹਿਬ ਨੇ ਆਪਣੀ ਚੇਹਰੇ ਤੋ ਚਾਦਰ ਲਾਹੀ ਤੇ ਕਹਿਣ ਲਗੇ ” ਮੈਂ ਬਹੁਤ ਖੁਸ਼ ਹਾਂ ਨੰਦ ਲਾਲ ਕੁਝ ਮੰਗ ਲੈ “ ਤਾਂ ਨੰਦ ਲਾਲ ਨੇ ਕੀ ਮੰਗਿਆ ,”ਬਸ ਆਪਣੇ ਚਰਨਾ ਵਿਚ ਥਾਂ ਦੇ ਦਿਉ ਇਸਤੋ ਵਧ ਮੈਨੂੰ ਕੁਝ ਨਹੀਂ ਚਾਹਿਦਾ “ ।

ਇਕ ਵਾਰੀ ਗੁਰੂ ਸਾਹਿਬ ਨੰਦ ਲਾਲ ਤੇ ਕੁਝ ਹੋਰ ਸਿਖਾਂ ਨਾਲ ਸੈਰ ਕਰਨ ਨੂੰ ਜਾ ਰਹੇ ਸੀ ।ਰਸਤੇ ਵਿਚੋਂ ਉਹਨਾ ਨੇ ਇਕ ਪਥਰ ਚੁਕਿਆ , ਨਦੀ ਵਿਚ ਸੁਟਿਆ ਤੇ ਸਿਖਾਂ ਤੋਂ ਪੁਛਣ ਲਗੇ ਕੀ ਇਹ ਪਥਰ ਕਿਓਂ ਡੁਬਿਆ ਹੈ ? ਸਿਖਾਂ ਨੇ ਕਿਹਾ ਕੀ ਪਥਰ ਭਾਰੀ ਹੁੰਦਾ ਹੈ ਇਸ ਲਈ ਪਾਣੀ ਵਿਚ ਡੁਬ ਗਿਆ ਹੈ, ਥੋੜੀ ਦੂਰ ਜਾਕੇ ਫਿਰ ਇਕ ਹੋਰ ਪਥਰ ਚੁਕਿਆ , ਨਦੀ ਵਿਚ ਸੁਟਿਆ , ਫਿਰ ਓਹੀ ਸਵਾਲ , ਤੀਸਰੀ ਵਾਰੀ ਫਿਰ ਪਥਰ ਸੁਟ ਕੇ ਓਹੀ ਸਵਾਲ ਪਥਰ ਡੁਬਿਆ ਕਿਓਂ ਹੈ । ਬਾਰ ਬਾਰ ਇਕੋ ਸਵਾਲ ਤੇ ਇਕ ਸਿਖ ਨੇ ਥੋੜੇ ਖਿਝ ਕੇ ਕਿਹਾ ਪਾਤਸ਼ਾਹ ਕੀ ਕਰਦੇ ਹੋ , ਪਥਰ ਚੁਕਦੇ ਹੋ , ਸੁਟਦੇ ਹੋ ਤੇ ਮੁੜ ਮੁੜ ਕੇ ਉਹੀ ਸਵਾਲ ਕਰਦੇ ਹੋ । ਤੁਹਾਨੂੰ ਵੀ ਪਤਾ ਹੈ ਕੀ ਪਥਰ ਭਾਰੀ ਹੈ ਇਸ ਲਈ ਡੁਬ ਗਿਆ ਹੈ । ਚੋਥੀ ਵਾਰ ਫਿਰ ਪਥਰ ਨਦੀ ਵਿਚ ਸੁਟਿਆ ਤੇ ਸਵਾਲ ਕੀਤਾ ਨੰਦ ਲਾਲ ਪਥਰ ਡੁਬਿਆ ਕਿਓਂ ਹੈ ? ਇਸ ਵਾਰੀ ਸਿਖਾਂ ਨੂੰ ਨਹੀ ਨੰਦ ਲਾਲ ਤੋਂ ਪੁਛਦੇ ਹਨ ਨੰਦ ਲਾਲ ਚੁਪ, ਫਿਰ ਕਿਹਾ ਨੰਦ ਲਾਲ ਮੈਂ ਤੇਰੇ ਕੋਲੋਂ ਪੁਛ ਰਿਹਾਂ ਹਾਂ ਪਥਰ ਡੁਬਿਆ ਕਿਓਂ ਹੈ । ਨੰਦ ਲਾਲ ਦੇ ਅਖਾਂ ਵਿਚ ਹੰਜੂ ਸੀ ,ਕਹਿਣ ਲਗਾ ,” ਪਾਤਸ਼ਾਹ , ਨਾ ਮੈਂ ਪਾਣੀ ਦੇਖਿਆ .ਨਾ ਪਥਰ ,ਮੈਨੂੰ ਤਾ ਬਸ ਇਤਨਾ ਪਤਾ ਹੈ ਕੀ ਜੋ ਤੇਰੇ ਹਥੋਂ ਛੁਟਕ ਗਿਆ ਓਹ ਡੁਬ ਗਿਆ । ਇਤਨੀ ਸ਼ਰਧਾ ਤੇ ਪਿਆਰ ਸੀ ਉਸਦਾ ਗੁਰੂ ਸਹਿਬ ਨਾਲ । ਨੰਦ ਲਾਲ ਦਾ ਜਵਾਬ ਸੁਣ ਕੇ ਗੁਰੂ ਸਾਹਿਬ ਨੇ ਕੁਝ ਮੰਗਣ ਲਈ ਕਿਹਾ ਤਾਂ ਉਸਦਾ ਜਵਾਬ ਸੀ , ਮੈਂ ਕੀ ਮੰਗਾ ? ਤੁਹਾਡੇ ਚੇਹਰੇ ਵਿਚੋਂ ਮੈਨੂ ਸਾਰੀ ਕਾਇਨਾਤ ਦੇ ਦਰਸ਼ਨ ਹੁੰਦੇ ਹਨ ਤੇ ਕੇਸਾਂ ਵਿਚੋ ਲੋਕ ਪ੍ਰਲੋਕ ਦੇ । ਇਸਤੋਂ ਵਧ ਮੈਨੂ ਕੀ ਚਾਹਿਦਾ ਹੈ ? ਜਦ ਗੁਰੂ ਸਾਹਿਬ ਨੇ ਫਿਰ ਵੀ ਮੰਗਣ ਲਈ ਕਿਹਾ ਤਾਂ ਨੰਦ ਲਾਲ ਨੇ ਇਕ ਬੜੀ ਖੂਬਸੂਰਤ ਗਲ ਕਹੀ ਕੀ ਬਸ ਮੇਰੀ ਇਕ ਮੰਗ ਹੈ ਕੀ ਜਦੋ ਮੈਂ ਮਰਾਂ ਤਾਂ ਮੇਰੇ ਤਨ ਦੀ ਸਵਾਹ ਤੁਹਾਡੇ ਚਰਨਾਂ ਤੋ ਸਿਵਾ ਕਿਸੀ ਹੋਰ ਦੇ ਪੈਰਾਂ ਨੂੰ ਨਾ ਲਗੇ ।

ਇਸਤੋਂ ਬਾਦ ਉਹ ਗੁਰੂ ਤੋ ਕਦੇ ਵਿਛੜਿਆ ਨਹੀ ਤਦ ਤਕ ਜਦ ਤਕ ਗੁਰੂ ਸਾਹਿਬ ਨੇ ਆਨੰਦਪੁਰ ਦਾ ਕਿਲਾ ਖਾਲੀ ਕਰਨ ਸਮੇ ਉਸ ਨੂੰ ਖੁਦ ਵਾਪਸ ਨਹੀਂ ਭੇਜਿਆ 1 ਵਿਛੜਨ ਵੇਲੇ ਨੰਦ ਲਾਲ ਦੇ ਅਖਾਂ ਵਿਚ ਅਥਰੂ ਸਨ , ਕਹਿਣ ਲਗਾ ਕੀ ਪਾਤਸ਼ਾਹ ਮੇਰਾ ਵੀ ਦਿਲ ਕਰਦਾ ਹੈ ਕਿ ਮੈਂ ਅਮ੍ਰਿਤ ਬਾਟੇ ਦੀ ਪਾਹੁਲ ਲੇਕੇ ਸਿੰਘ ਸਜਾਂ , ਹੋਰ ਕੁਝ ਨਹੀ ਤਾਂ ਆਪਣੇ ਪਿਆਰੇ ਦੇ ਖੇਮੇ ਦੇ ਬਾਹਰ ਖੜਾ ਹੋਕੇ ਪਹਿਰਾ ਦਿਆਂ , ਤਾਂ ਗੁਰੂ ਸਾਹਿਬ ਨੇ ਉਸਦੇ ਹਥ ਕਲਮ ਪਕੜਾ ਦਿਤੀ ਤੇ ਕਹਿਣ ਲਗੇ ” ਇਹ ਸੂਰੇ ਦੀ ਤਲਵਾਰ ਵਾਗ ਚਲੇ 1 ਤੇਗ ਵਾਲੀਆਂ ਨੇ ਤੇਗ ਵਾਹੁਣੀ ਹੈ ਤੇ ਤੁਸੀਂ ਕਲਮ । ਇਕ ਸਿਪਾਹੀ ਦੀਆਂ ਬਾਹਾਂ ਨਾਲੋ ਵਧ ਤਾਕਤ ਇਸ ਕਲਮ ਵਿਚ ਹੈ, ਇਹੀ ਨੇਕੀ, ਧਰਮ,ਸਿਮਰਨ ਤੇ ਸ਼ੁਭ ਆਚਰਣ ਸਿਖਾਵੇ ,ਇਹੀ ਤੁਹਾਡੇ ਵਾਸਤੇ ਹੁਕਮ ਹੈ “ ਆਨੰਦ੍ਸਾਹਿਬ ਛਡਣ ਵੇਲੇ ਹਰ ਪਖੋਂ ਸੋਚ ਵਿਚਾਰ ਕੇ ਗੁਰੂ ਸਾਹਿਬ ਵਲੋਂ ਉਸ ਨੂੰ ਮੁਲਤਾਨ ਵਾਪਸ ਜਾਣ ਦੀ ਆਗਿਆ ਹੋਈ । ਨੰਦ ਲਾਲ ਦੀ ਕਲਮ ਵਿਚੋਂ ਨਿਕਲੀਆਂ ਗੁਰੂ ਸਹਿਬ ਬਾਰੇ ਕੁਝ ਸਤਰਾਂ :–

ਨਾਸਰੋ ਮਨਸੂਰ ਗੁਰੂ ਗੋਬਿੰਦ ਸਿੰਘ
ਏਜਦੀ ਮਨੂੰਰ ਗੁਰੂ ਗੋਬਿੰਦ ਸਿੰਘ
ਹਕ ਹਕ ਮਨਜੂਰ ਗੁਰੂ ਗੋਬਿੰਦ ਸਿੰਘ
ਜੁਮਲਾ ਫੈਜ਼ੀਲੂਰ ਗੁਰੂ ਗੋਬਿੰਦ ਸਿੰਘ
ਹਕ ਹਕ ਆਗਾਹ ਗੁਰੂ ਗੋਬਿੰਦ ਸਿੰਘ
ਸ਼ਾਹੇ ਸ਼ਹਿਨਸ਼ਾਹ ਗੁਰੂ ਗੋਬਿੰਦ ਸਿੰਘ
ਖਾਲਸੇ ਬੇ ਦੀਨਾ ਗੁਰੂ ਗੋਬਿੰਦ ਸਿੰਘ
ਹਕ ਹਕ ਆਇਨਾ ਗੁਰੂ ਗੋਬਿੰਦ ਸਿੰਘ
ਹਕ ਹਕ ਅੰਦੇਸ਼ ਗੁਰੂ ਗੋਬਿੰਦ ਸਿੰਘ
ਬਾਦਸ਼ਾਹ ਦਰਵੇਸ ਗੁਰੂ ਗੋਬਿੰਦ ਸਿੰਘ